ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 28 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੧੬ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




ਲਾਰੈਂਸ ਬਿਸ਼ਨੋਈ ਦੇ ਭਰਾ ਖਿਲਾਫ਼ ਪੁਲਿਸ ਦਾ ਐਕਸ਼ਨ

## ਸਲਮਾਨ ਖ਼ਾਨ ਦੇ ਘਰ ਗੋਲੀਬਾਰੀ ਮਾਮਲੇ 'ਚ ਲੁੱਕਆਊਟ ਨੋਟਿਸ ਜਾਰੀ




ਮੁੰਬਈ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਮੁੰਬਈ ਪੁਲਿਸ ਨੇ ਅਭਿਨੇਤਾ ਸਲਮਾਨ ਖਾਨ ਦੇ ਘਰ ਗੋਲੀਬਾਰੀ ਦੇ ਮਾਮਲੇ ਵਿੱਚ ਗੈਂਗਸਟਰ ਲਾਰੇਂਸ ਬਿਸ਼ਨੋਈ ਦੇ ਰਿਸ਼ਤੇਦਾਰ ਅਨਮੋਲ ਬਿਸ਼ਨੋਈ ਲਈ ਲੁੱਕਆਊਟ ਨੋਟਿਸ ਜਾਰੀ ਕੀਤਾ ਹੈ। ਮੁੰਬਈ ਪੁਲਿਸ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ 14 ਅਪ੍ਰੈਲ ਨੂੰ ਅਦਾਕਾਰ ਸਲਮਾਨ ਖਾਨ ਦੇ ਘਰ ਦੇ ਬਾਹਰ ਹੋਈ ਗੋਲੀਬਾਰੀ ਦੀ ਘਟਨਾ ਦੇ ਸਬੰਧ ਵਿੱਚ ਜੇਲ੍ਹ ਵਿੱਚ ਬੰਦ ਗੈਂਗਸਟਰ ਲਾਰੇਂਸ ਬਿਸ਼ਨੋਈ ਦੇ ਛੋਟੇ ਭਰਾ ਅਨਮੋਲ ਬਿਸ਼ਨੋਈ ਦੇ ਖਿਲਾਫ ਲੁੱਕ ਆਊਟ ਨੋਟਿਸ (ਐੱਲ.ਓ.ਸੀ.) ਜਾਰੀ ਕੀਤਾ ਗਿਆ ਹੈ। ਮੁੰਬਈ ਪੁਲਿਸ ਨੇ ਵੀ ਇਸ ਸਬੰਧੀ ਏਜੰਸੀਆਂ ਨਾਲ ਰਿਪੋਰਟ ਸਾਂਝੀ ਕੀਤੀ ਹੈ। ਮੁੰਬਈ ਕ੍ਰਾਈਮ ਬ੍ਰਾਂਚ ਨੇ ਬੀਤੇ ਦਿਨੀਂ ਜਲੰਧਰ ਤੋਂ ਦੋ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਸੀ। ਜਿਨ੍ਹਾਂ ਨੇ ਮੁੱਖ ਮੁਲਜ਼ਮ ਵਿੱਕੀ ਗੁਪਤਾ ਅਤੇ ਸਾਗਰ ਪਾਲ ਨੂੰ ਹਥਿਆਰ ਮੁਹੱਈਆ ਕਰਵਾਏ ਸਨ। ਮੁਲਜ਼ਮਾਂ ਦੀ ਪਛਾਣ ਸੋਨੂੰ ਸੁਭਾਸ਼ ਚੰਦਰ (37) ਅਤੇ ਅਨੁਜ ਥਾਪਨ (32) ਵਜੋਂ ਹੋਈ ਹੈ। ਦੋਵੇਂ ਮੁਲਜ਼ਮ ਪੰਜਾਬ ਦੇ ਅਬੋਹਰ ਦੇ ਰਹਿਣ ਵਾਲੇ ਹਨ। ਦੋਸ਼ੀ ਅਨੁਜ ਟਰੱਕ 'ਤੇ ਹੈਲਪਰ ਦਾ ਕੰਮ ਕਰਦਾ ਸੀ। ਸੁਭਾਸ਼ ਇੱਕ ਕਿਸਾਨ ਹੈ ਅਤੇ ਕਰਿਆਨੇ ਦੀ ਦੁਕਾਨ ਵੀ ਚਲਾਉਂਦਾ ਹੈ। ਅਨੁਜ ਖਿਲਾਫ ਪਹਿਲਾਂ ਹੀ ਪੰਜਾਬ ਅਤੇ ਹਰਿਆਣਾ 'ਚ ਕਈ ਮਾਮਲੇ ਦਰਜ ਹਨ ਅਤੇ ਉਹ ਸ਼ੁਰੂ ਤੋਂ ਹੀ ਲਾਰੈਂਸ ਗੈਂਗ ਨਾਲ ਜੁੜਿਆ ਹੋਇਆ ਹੈ। ਦੋਵਾਂ ਨੇ 15 ਮਾਰਚ ਨੂੰ ਪਨਵੇਲ ਵਿੱਚ ਦੋ ਪਿਸਤੌਲਾਂ ਦੀ ਡਿਲੀਵਰੀ ਕੀਤੀ ਸੀ। ਮੁੱਢਲੀ ਜਾਣਕਾਰੀ ਮੁਤਾਬਕ ਮੁੰਬਈ ਕ੍ਰਾਈਮ ਬ੍ਰਾਂਚ ਦੀ ਟੀਮ ਵੀਰਵਾਰ ਨੂੰ ਜਲੰਧਰ ਪਹੁੰਚੀ ਸੀ। ਇਸ ਸਬੰਧੀ ਜ਼ਿਲ੍ਹਾ ਪੁਲੀਸ ਨਾਲ ਕੋਈ ਸੰਪਰਕ ਨਹੀਂ ਹੋਇਆ। ਕਿਉਂਕਿ ਉਹ ਕੇਂਦਰ ਸਰਕਾਰ ਤੋਂ ਵਾਰੰਟ ਲੈ ਕੇ ਆਈ ਸੀ।

## ਬੀਜੇਪੀ ਤੋਂ ਡਰ ਕੇ ਰਾਘਵ ਚੱਢਾ ਲੰਦਨ 'ਚ ਲੁਕਿਆ ਹੋਇਆ, ਚੋਣ ਪ੍ਰਚਾਰ 'ਚ ਕਾਂਗਰਸ ਨੇ ਬਣਾਇਆ ਮੁੱਦਾ

ਚੰਡੀਗੜ੍ਹ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਸਾਂਸਦ ਮੈਂਬਰ ਰਾਘਵ ਚੱਢਾ ਦੇ ਵਿਦੇਸ਼ 'ਚ ਬੈਠੇ ਹੋਣ ਦਾ ਮੁੱਦਾ ਇੱਕ ਵਾਰ ਮੁੜ ਤੋਂ ਕਾਂਗਰਸ ਨੇ ਚੁੱਕਿਆ ਹੈ। ਸੰਗਰੂਰ ਤੋਂ ਕਾਂਗਰਸ ਦੇ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਦਾ ਸਭ ਤੋਂ ਚਹੇਤਾ ਅੱਜ ਗ੍ਰਿਫ਼ਤਾਰੀ ਦੇ ਡਰੋਂ ਲੰਦਨ 'ਚ ਲੁੱਕ ਕੇ ਬੈਠਾ ਹੋਇਆ ਹੈ। ਕੇਜਰੀਵਾਲ ਦੇ ਖਾਸਮ ਖਾਸ ਵਿੱਚੋਂ ਰਾਘਵ ਚੱਢਾ ਵੀ ਇੱਕ ਹਨ। 2022 ਦੀਆਂ ਵਿਧਾਨ ਸਭਾ ਚੋਣਾਂ 'ਚ ਰਾਘਵ ਚੱਢਾ ਨੂੰ ਪੰਜਾਬ ਦੇ ਹਰ ਜਿਲ੍ਹੇ, ਹਰ ਸ਼ਹਿਰ ਤੇ ਪਿੰਡਾਂ ਵਿੱਚ ਚੋਣ ਪ੍ਰਚਾਰ ਕਰਦੇ ਦੇਖਿਆ ਗਿਆ ਸੀ। ਵਿਧਾਨ ਸਭਾ ਦੀਆਂ ਚੋਣਾਂ ਦੌਰਾਨ ਰਾਘਵ ਚੱਢਾ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਹੀ ਰਹੇ ਸਨ। ਪਰ ਇਸ ਵਾਰ ਦੀਆਂ ਲੋਕ ਸਭਾ ਚੋਣਾਂ ਵਿੱਚ ਰਾਘਵ ਚੱਢਾ ਗਾਇਬ ਹਨ। ਉਹ ਵੀ ਉਸ ਸਮੇਂ ਜਦੋਂ ਆਮ ਆਦਮੀ ਪਾਰਟੀ ਮੁਸਿਬਤ ਦੀ ਘੜੀ ਵਿਚੋਂ ਨਿਕਲ ਰਹੀ ਹੈ। ਸ਼ਰਾਬ ਘੁਟਾਲਾ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਤਿੰਨ ਦਿੱਗਜ ਲੀਡਰ ਜੇਲ੍ਹ ਵਿੱਚ ਬੰਦ ਹਨ।



ਲੋਕ ਸਭਾ ਚੋਣਾਂ ਦੌਰਾਨ ਭਾਰਤੀ ਨੇਤਾਵਾਂ ਨੂੰ ਬੋਲਿਆ ਪਾਕਿਸਤਾਨ

# 'ਰਾਜਨੀਤਿਕ ਲਾਭ ਲਈ ਸਾਨੂੰ ਨਾ ਘਸੀਟੋ'

■ ਪਾਕਿਸਤਾਨ ਨੇ ਕਿਹਾ ਕਿ ਅਸੀਂ ਜੰਮੂ-ਕਸ਼ਮੀਰ 'ਤੇ ਗ਼ੈਰ-ਵਾਜਬ ਦਾਅਵੇ ਕਰਨ ਵਾਲੇ ਭਾਰਤੀ ਨੇਤਾਵਾਂ ਦੇ ਭੜਕਾਊ ਬਿਆਨਾਂ 'ਚ ਲਗਾਤਾਰ ਵਾਧਾ ਦੇਖ ਰਹੇ ਹਾਂ। ਜੋ ਚਿੰਤਾਜਨਕ ਹੈ। ਪਾਕਿਸਤਾਨ ਇਨ੍ਹਾਂ ਦਾਅਵਿਆਂ ਨੂੰ ਰੱਦ ਕਰਦਾ ਹੈ......

ਨਵੀਂ ਦਿੱਲੀ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਭਾਰਤ ਵਿੱਚ ਚੋਣ ਪ੍ਰਚਾਰ ਦੌਰਾਨ ਕਈ ਨੇਤਾਵਾਂ ਵੱਲੋਂ ਪਾਕਿਸਤਾਨ ਦਾ ਵਾਰ-ਵਾਰ ਜ਼ਿਕਰ ਕੀਤੇ ਜਾਣ 'ਤੇ ਪਾਕਿਸਤਾਨ ਸਰਕਾਰ ਨੇ ਇਤਰਾਜ਼ ਜਤਾਇਆ ਹੈ। ਪਾਕਿਸਤਾਨ ਦੇ ਵਿਦੇਸ਼ ਦਫ਼ਤਰ ਦੀ ਬੁਲਾਰਾ ਮੁਮਤਾਜ਼ ਜ਼ਾਹਰਾ ਬਲੋਚ ਨੇ ਭਾਰਤੀ ਸਿਆਸਤਦਾਨਾਂ ਨੂੰ ਆਪਣੇ ਭਾਸ਼ਣਾਂ ਵਿੱਚ ਸਿਆਸੀ ਫਾਇਦੇ ਲਈ ਪਾਕਿਸਤਾਨ ਨੂੰ ਨਾ ਖਿੱਚਣ ਦੀ ਅਪੀਲ ਕੀਤੀ। ਇਸਲਾਮਾਬਾਦ 'ਚ ਪ੍ਰੈੱਸ ਕਾਨਫਰੰਸ ਦੌਰਾਨ ਬੋਲਦਿਆਂ ਬਲੋਚ ਨੇ ਕਿਹਾ ਕਿ ਪਾਕਿਸਤਾਨ ਨੇ ਜੰਮੂ-ਕਸ਼ਮੀਰ 'ਤੇ ਭਾਰਤ ਦੇ ਸਾਰੇ ਦਾਅਵਿਆਂ ਨੂੰ ਰੱਦ ਕਰ ਦਿੱਤਾ ਹੈ। ਉਨ੍ਹਾਂ ਕਿਹਾ ਦਿ ਭਾਰਤੀ ਸਿਆਸਤਦਾਨਾਂ ਨੂੰ ਚੋਣ ਉਦੇਸ਼ਾਂ ਲਈ ਭਾਰਤ ਦੀਆਂ ਲੋਕਪ੍ਰਿਅ ਰੈਲੀਆਂ ਵਿੱਚ ਪਾਕਿਸਤਾਨ ਨੂੰ ਘਸੀਟਣ ਦੀ ਆਪਣੀ ਭੈੜੀ ਆਦਤ ਛੱਡਣੀ ਚਾਹੀਦੀ ਹੈ। ਦੱਸ ਦਇਏ ਅਪ੍ਰੈਲ ਦੇ ਸ਼ੁਰੂ ਵਿੱਚ, ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਤਿਰੂਵਨੰਤਪੁਰਮ, ਕੇਰਲ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਪੀਓਕੇ ਮੁੱਦੇ 'ਤੇ ਇੱਕ ਰਾਸ਼ਟਰੀ ਸਥਿਤੀ ਹੈ ਨਾ ਕਿ ਪਾਰਟੀ ਦੀ ਸਥਿਤੀ। ਭਾਰਤ ਦੀ ਸੰਸਦ ਨੇ ਇਕਜੁੱਟ ਸਟੈਂਡ ਅਪਣਾਇਆ ਹੈ ਅਤੇ ਦੇਸ਼ ਦੀ ਹਰ ਸਿਆਸੀ ਪਾਰਟੀ ਨੇ ਉਸ ਸਟੈਂਡ ਦਾ ਸਮਰਥਨ ਕੀਤਾ ਹੈ। ਅਸੀਂ ਕਦੇ ਸਵੀਕਾਰ ਨਹੀਂ ਕਰਾਂਗੇ ਕਿ ਪੀਓਕੇ ਭਾਰਤ ਦਾ ਹਿੱਸਾ ਨਹੀਂ ਹੈ।

### 'ਭਾਰਤੀ ਸਿਆਸਤਦਾਨਾਂ ਦੇ ਸਾਰੇ ਦਾਅਵੇ ਬੇਬੁਨਿਆਦ'

**ਪਾਕਿਸਤਾਨੀ ਮੀਡੀਆ 'ਦ ਡਾਨ' ਦੀ ਰਿਪੋਰਟ ਮੁਤਾਬਕ** ਮੁਮਤਾਜ਼ ਜ਼ਾਹਰਾ ਬਲੋਚ ਨੇ ਕਿਹਾ ਕਿ ਅਸੀਂ ਜੰਮੂ-ਕਸ਼ਮੀਰ 'ਤੇ ਗੈਰ-ਵਾਜਬ ਦਾਅਵੇ ਕਰਨ ਵਾਲੇ ਭਾਰਤੀ ਨੇਤਾਵਾਂ ਦੇ ਭੜਕਾਊ ਬਿਆਨਾਂ 'ਚ ਲਗਾਤਾਰ ਵਾਧਾ ਦੇਖ ਰਹੇ ਹਾਂ। ਜੋ ਚਿੰਤਾਜਨਕ ਹੈ। ਪਾਕਿਸਤਾਨ ਇਨ੍ਹਾਂ ਦਾਅਵਿਆਂ ਨੂੰ ਰੱਦ ਕਰਦਾ ਹੈ। 'ਅਤਿ-ਰਾਸ਼ਟਰਵਾਦ ਤੋਂ ਪ੍ਰੇਰਿਤ ਇਹ ਭੜਕਾਊ ਬਿਆਨਬਾਜ਼ੀ ਖੇਤਰੀ ਸ਼ਾਂਤੀ ਅਤੇ ਸੰਵੇਦਨਸ਼ੀਲਤਾ ਲਈ ਗੰਭੀਰ ਖ਼ਤਰਾ ਹੈ।" ਬੁਲਾਰੇ ਨੇ ਇਹ ਵੀ ਕਿਹਾ ਕਿ ਭਾਰਤੀ ਸਿਆਸਤਦਾਨਾਂ ਦੇ ਦਾਅਵੇ ਬੇਬੁਨਿਆਦ ਅਤੇ ਕਿਸੇ ਵੀ ਇਤਿਹਾਸਕ ਜਾਂ ਕਾਨੂੰਨੀ ਤੱਥਾਂ ਦੇ ਉਲਟ ਹਨ। ਤੁਹਾਨੂੰ ਦੱਸ ਦੇਈਏ ਕਿ ਲੋਕ ਸਭਾ ਚੋਣ ਪ੍ਰਚਾਰ ਦੌਰਾਨ ਕਈ ਮੌਕਿਆਂ 'ਤੇ ਸੱਤਾਧਾਰੀ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਨੇਤਾ ਪਾਕਿਸਤਾਨ ਦਾ ਨਾਂ ਲੈ ਚੁੱਕੇ ਹਨ। 11 ਅਪ੍ਰੈਲ ਨੂੰ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਮੱਧ ਪ੍ਰਦੇਸ਼ ਦੇ ਸਤਨਾ ਜ਼ਿਲੇ 'ਚ ਇੱਕ ਰੈਲੀ ਦੌਰਾਨ ਕਿਹਾ ਸੀ, "ਜੰਮੂ-ਕਸ਼ਮੀਰ ਜਿਸ ਤਰ੍ਹਾਂ ਵਿਕਾਸ ਵੱਲ ਵਧ ਰਿਹਾ ਹੈ, ਮੈਨੂੰ ਲੱਗਦਾ ਹੈ ਕਿ ਪੀਓਕੇ ਦੇ ਲੋਕ ਇਹ ਸਮਝਦੇ ਹਨ ਕਿ ਉਨ੍ਹਾਂ ਦਾ ਵਿਕਾਸ ਸਿਰਫ ਪ੍ਰਧਾਨ ਮੰਤਰੀ ਹੀ ਕਰ ਸਕਦੇ ਹਨ।

ਮਿਸ ਯੂਨੀਵਰਸ ਬਿਊਨਸ ਆਇਰਸ 2024

# 60 ਸਾਲਾ ਲੇਜੈਂਡਰਾ ਮਾਰੀਸਾ ਨੇ ਰਚਿਆ ਇਤਿਹਾਸ ਮਿਸ ਅਰਜਨਟੀਨਾ ਮੁਕਾਬਲੇ ਲਈ ਕੀਤਾ ਕੁਆਲੀਫਾਈ

**ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ**



60 ਸਾਲਾ ਲੇਜੈਂਡਰਾ ਮਾਰੀਸਾ ਰੌਡਰਿਗਜ਼ ਨੇ ਇਤਿਹਾਸ ਰਚ ਦਿੱਤਾ ਹੈ। ਅਲੇਜੈਂਡਰਾ ਮਾਰੀਸਾ ਰੌਡਰਿਗਜ਼ ਨੇ ਮਿਸ ਯੂਨੀਵਰਸ ਬਿਊਨਸ ਆਇਰਸ 2024 ਦਾ ਖਿਤਾਬ ਜਿੱਤਿਆ ਹੈ। ਅਲੇਜੈਂਡਰਾ ਮਾਰੀਸਾ ਰੋਡਰਿਗਜ਼ ਅਰਜਨਟੀਨਾ ਦੇ ਬਿਊਨਸ ਆਇਰਸ ਸੂਬੇ ਦੀ ਰਾਜਧਾਨੀ ਲਾ ਪਲਾਟਾ ਤੋਂ ਇੱਕ ਵਕੀਲ ਅਤੇ ਪੱਤਰਕਾਰ ਹੈ। ਉਮਰ ਅਤੇ ਸੁੰਦਰਤਾ ਬਾਰੇ ਧਾਰਨਾਵਾਂ ਨੂੰ ਤੋੜਨ ਵਿਚ ਉਸਦੀ ਜਿੱਤ ਨੇ ਦੁਨੀਆਂ ਭਰ ਦੇ ਲੋਕਾਂ ਨੂੰ ਪ੍ਰੇਰਿਤ ਕੀਤਾ ਹੈ। ਰਿਪੋਰਟ ਅਨੁਸਾਰ ਰੋਡਰਿਗਜ਼ ਦੀ ਜਿੱਤ ਇੱਕ ਇਤਿਹਾਸਕ ਪਲ ਹੈ, ਕਿਉਂਕਿ ਉਹ ਅਜਿਹੀ ਵੱਕਾਰੀ ਸੁੰਦਰਤਾ ਮੁਕਾਬਲਾ ਜਿੱਤਣ ਵਾਲੀ ਆਪਣੀ ਉਮਰ ਦੀ ਪਹਿਲੀ ਔਰਤ ਬਣ ਗਈ ਹੈ। ਉਸ ਦੀ ਮਨਮੋਹਕ ਮੁਸਕਰਾਹਟ ਅਤੇ ਦਿਆਲੂ ਵਿਹਾਰ ਨੇ ਜੱਜਾਂ ਅਤੇ ਦਰਸ਼ਕਾਂ ਦਾ ਦਿਲ ਜਿੱਤ ਲਿਆ। ਐਕਸ 'ਤੇ ਸ਼ੇਅਰ ਕੀਤੀ ਗਈ ਵੀਡੀਓ ਦੇ ਅਨੁਸਾਰ, ਇਸ ਜਿੱਤ ਦੇ ਨਾਲ, ਰੋਡਰਿਗਜ਼ ਮਈ 2024 ਵਿਚ ਹੋਣ ਵਾਲੀ ਮਿਸ ਯੂਨੀਵਰਸ ਅਰਜਨਟੀਨਾ ਦੀ ਰਾਸ਼ਟਰੀ ਚੋਣ ਵਿੱਚ ਬਿਊਨਸ ਆਇਰਸ ਦੀ ਪ੍ਰਤੀਨਿਧਤਾ ਕਰਨ ਲਈ ਤਿਆਰ ਹੈ। ਉਹ ਮਿਸ ਯੂਨੀਵਰਸ ਵਰਲਡ ਮੁਕਾਬਲੇ ਵਿਚ ਹਿੱਸਾ ਲੈਣ ਲਈ ਅਰਜਨਟੀਨਾ ਦੇ ਝੰਡੇ ਨੂੰ ਮਾਣ ਨਾਲ ਲੈ ਕੇ ਜਾਵੇਗੀ, ਜੋ ਕਿ 28 ਸਤੰਬਰ, 2024 ਨੂੰ ਮੈਕਸੀਕੋ ਵਿਚ ਹੋਣ ਵਾਲੀ ਹੈ। ਰੋਡਰਿਗਜ਼ ਦੀ ਯਾਤਰਾ ਸੁੰਦਰਤਾ ਦੇ ਰਵਾਇਤੀ ਮਿਆਰਾਂ ਨੂੰ ਚੁਣੌਤੀ ਦਿੰਦੀ ਹੈ ਅਤੇ ਸਮਾਜਿਕ ਨਿਯਮਾਂ ਦੀ ਉਲੰਘਣਾ ਕਰਦੀ ਹੈ। ਉਸਦੀ ਸਫ਼ਲਤਾ ਦਰਸਾਉਂਦੀ ਹੈ ਕਿ ਆਤਮ-ਵਿਸ਼ਵਾਸ, ਸੁੰਦਰਤਾ ਅਤੇ ਸੁਹਜ ਉਮਰ ਦੀਆਂ ਰੁਕਾਵਟਾਂ ਨੂੰ ਪਾਰ ਕਰਦੇ ਹਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸਿਰਫ਼ 18 ਤੋਂ 28 ਸਾਲ ਦੀ ਉਮਰ ਦੀਆਂ ਔਰਤਾਂ ਹੀ ਇਸ ਪ੍ਰਤੀਯੋਗਿਤਾ 'ਚ ਹਿੱਸਾ ਲੈ ਸਕਦੀਆਂ ਸਨ ਪਰ ਸਤੰਬਰ 2023 'ਚ ਮਿਸ ਯੂਨੀਵਰਸ ਆਰਗੇਨਾਈਜ਼ੇਸ਼ਨ ਨੇ ਇਨ੍ਹਾਂ ਮੁਕਾਬਲਿਆਂ 'ਚ ਹਿੱਸਾ ਲੈਣ ਲਈ ਉਮਰ ਸੀਮਾ ਨੂੰ ਹਟਾ ਦਿੱਤਾ ਸੀ।

ਕਿਸਾਨਾਂ ਦੇ ਪ੍ਰਦਰਸ਼ਨ ਤੋਂ ਭੜਕੇ ਸੁਸ਼ੀਲ ਰਿੰਕੂ


# ਕਿਹਾ-ਦਲਿਤ ਭਾਈਚਾਰਾ ਹੁਣ ਕਰੇਗਾ ਕਿਸਾਨਾਂ ਦਾ ਬਾਈਕਾਟ

ਜਲੰਧਰ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਜਲੰਧਰ ਲੋਕ ਸਭਾ ਸੀਟ ਤੋਂ ਭਾਜਪਾ ਉਮੀਦਵਾਰ ਤੇ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਵੱਲੋਂ ਸ਼ੇਅਰ ਕੀਤੀ ਗਈ ਇੱਕ ਵੀਡੀਓ ਚਰਚਾ ਦਾ ਵਿਸ਼ਾ ਬਣ ਗਈ ਹੈ। ਵੀਡੀਓ 'ਚ ਉਹ ਕਿਸਾਨਾਂ 'ਤੇ ਨਾਰਾਜ਼ ਨਜ਼ਰ ਆ ਰਿਹਾ ਹੈ। ਵੀਡੀਓ 'ਚ ਰਿੰਕੂ ਕਹਿ ਰਿਹਾ ਹੈ ਕਿ ਮੈਂ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਨੂੰ ਸ਼ਰਧਾਂਜਲੀ ਦੇਣ ਆਇਆ ਸੀ। ਇਸ ਦੌਰਾਨ ਕਿਸਾਨਾਂ ਵੱਲੋਂ ਮੁਰਦਾਬਾਦ ਦੇ ਨਾਅਰੇ ਲਾਏ ਗਏ। ਇਹ ਮੇਰਾ ਨਹੀਂ ਬਲਕਿ ਬਾਬਾ ਸਾਹਿਬ ਅਤੇ ਦਲਿਤ ਭਾਈਚਾਰੇ ਦਾ ਅਪਮਾਨ ਹੈ। ਤੁਹਾਨੂੰ ਦੱਸ ਦੇਈਏ ਕਿ ਉਪਰੋਕਤ ਵੀਡੀਓ ਸੁਸ਼ੀਲ ਕੁਮਾਰ ਰਿੰਕੂ ਨੇ ਆਪਣੇ ਫੇਸਬੁੱਕ ਅਕਾਊਂਟ 'ਤੇ ਸ਼ੇਅਰ ਕੀਤੀ ਹੈ। ਜਿਸ ਵਿੱਚ ਰਿੰਕੂ ਨੇ ਕਿਹਾ- ਜਿਸ ਤਰ੍ਹਾਂ ਇਹ ਲੋਕ (ਕਿਸਾਨ) ਅੱਜ ਮੈਨੂੰ ਬਾਬਾ ਸਾਹਿਬ ਨੂੰ ਮੱਥਾ ਟੇਕਣ ਤੋਂ ਰੋਕ ਰਹੇ ਹਨ। ਮੱਥਾ ਟੇਕਦੇ ਹੋਏ ਮੁਰਦਾਬਾਦ ਦੇ ਨਾਅਰੇ ਲਗਾ ਰਹੇ ਹਨ। ਇਹ ਸਿਰਫ਼ ਮੇਰਾ ਹੀ ਨਹੀਂ ਸਗੋਂ ਸਮੁੱਚੇ ਦਲਿਤ ਭਾਈਚਾਰੇ ਦਾ ਅਪਮਾਨ ਹੈ। ਰਿੰਕੂ ਨੇ ਕਿਹਾ ਕਿ ਅੱਜ ਸਮੁੱਚਾ ਦਲਿਤ ਭਾਈਚਾਰਾ ਕਿਸਾਨਾਂ ਦਾ ਬਾਈਕਾਟ ਕਰਦਾ ਹੈ। ਕਿਸਾਨਾਂ ਨੇ ਸਾਨੂੰ ਅੱਜ ਬਾਬਾ ਸਾਹਿਬ ਨੂੰ ਮੱਥਾ ਟੇਕਣ ਤੋਂ ਰੋਕਿਆ। ਰਿੰਕੂ ਨੇ ਕਿਹਾ- ਮੈਂ ਕਿਤੇ ਸਿਆਸੀ ਰੈਲੀ ਕਰਦਾ ਹਾਂ, ਤੁਸੀਂ ਆ ਕੇ ਵਿਰੋਧ ਕਰੋ, ਮੈਨੂੰ ਕੋਈ ਪਰਵਾਹ ਨਹੀਂ, ਨਾ ਹੀ ਮੈਨੂੰ ਕਿਸੇ ਗੱਲ ਦਾ ਡਰ ਹੈ ਪਰ ਇੱਥੇ ਇਸ ਤਰ੍ਹਾਂ ਦਾ ਵਿਰੋਧ ਕਰਨਾ ਗਲਤ ਹੈ। ਜ਼ਿਕਰ ਕਰ ਦਈਏ ਕਿ ਆਮ ਆਦਮੀ ਪਾਰਟੀ (ਆਪ) ਨੇ ਲੋਕ ਸਭਾ ਚੋਣਾਂ ਲਈ ਜਲੰਧਰ (ਰਿਜ਼ਰਵ) ਸੀਟ ਤੋਂ ਸੁਸ਼ੀਲ ਰਿੰਕੂ ਨੂੰ ਆਪਣਾ ਉਮੀਦਵਾਰ ਐਲਾਨਿਆ ਸੀ ਪਰ ਫਿਰ ਅਚਾਨਕ ਉਹ ਦਿੱਲੀ ਭਾਜਪਾ ਹੈੱਡਕੁਆਰਟਰ ਪਹੁੰਚ ਗਏ ਅਤੇ ਭਾਜਪਾ ਵਿੱਚ ਸ਼ਾਮਲ ਹੋ ਗਏ ਜਿਸ ਤੋਂ ਬਾਅਦ ਭਾਜਪਾ ਨੇ ਰਿੰਕੂ ਨੂੰ ਜਲੰਧਰ ਤੋਂ ਉਮੀਦਵਾਰ ਐਲਾਨ ਦਿੱਤਾ।



## ਬਠਿੰਡਾ 'ਚ ਮਿਨੀ ਸਕੱਤਰੇਤ ਦੀਆਂ ਕੰਧਾਂ 'ਤੇ ਲਿਖੇ ਖਾਲਿਸਤਾਨੀ ਸੰਬੰਧੀ ਨਾਅਰੇ, ਪੁਲਿਸ ਵੱਲੋਂ ਮਾਮਲੇ ਦੀ ਜਾਂਚ ਜਾਰੀ

ਬਠਿੰਡਾ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਬਠਿੰਡਾ ਦੇ ਮਿੰਨੀ ਸਕੱਤਰੇਤ ਕੰਪਲੈਕਸ ਦੀਆਂ ਕੰਧਾਂ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਹੋਣ ਦੀ ਖਬਰ ਸਾਹਮਣੇ ਆਈ ਹੈ। ਇਹ ਇਲਾਕਾ ਹਾਈ ਸਿਕਿਊਰਿਟੀ ਵਾਲਾ ਏਰੀਆ ਹੈ। ਸਕੱਤਰੇਤ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ ਦੀ ਰਿਹਾਇਸ਼ ਤੋਂ ਸਿਰਫ਼ 50 ਗਜ਼ ਦੀ ਦੂਰੀ 'ਤੇ ਹੈ ਅਤੇ ਐਸਐਸਪੀ ਦਫ਼ਤਰ ਤੋਂ ਥੋੜ੍ਹੀ ਦੂਰੀ 'ਤੇ ਹੈ। ਫਿਲਹਾਲ ਪੰਜਾਬ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਪੁਲਿਸ ਦੋਸ਼ੀਆਂ ਨੂੰ ਫੜਨ ਲਈ ਆਸਪਾਸ ਦੇ ਸਾਰੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕਰ ਰਹੀ ਹੈ। ਅਜੇ ਤੱਕ ਕਿਸੇ ਵੀ ਜਥੇਬੰਦੀ ਨੇ ਇਸ ਕਾਰਵਾਈ ਦੀ ਜ਼ਿੰਮੇਵਾਰੀ ਨਹੀਂ ਲਈ ਹੈ। ਪਿਛਲੇ ਸਾਲ ਤੋਂ ਹਰਿਆਣਾ, ਪੰਜਾਬ, ਰਾਜਸਥਾਨ, ਹਿਮਾਚਲ ਪ੍ਰਦੇਸ਼, ਦਿੱਲੀ ਵਰਗੇ ਕਈ ਸੂਬਿਆਂ ਵਿੱਚ ਜਨਤਕ ਕੰਧਾਂ ਅਤੇ ਥੰਮ੍ਹਾਂ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਗਏ ਸਨ। ਪਿਛਲੇ ਸਾਲ ਦਿੱਲੀ ਦੇ ਪੰਜ ਮੈਟਰੋ ਸਟੇਸ਼ਨਾਂ ਦੀਆਂ ਕੰਧਾਂ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਹੋਏ ਦੇਖੇ ਗਏ ਸਨ। ਪੰਜਾਬੀ ਬਾਗ, ਸ਼ਿਵਾਜੀ ਪਾਰਕ, ਮਾਦੀਪੁਰ, ਪੱਛਮ ਵਿਹਾਰ, ਉਦਯੋਗ ਨਗਰ, ਮਹਾਰਾਜਾ ਸੂਰਜਮਲ ਸਟੇਡੀਅਮ ਅਤੇ ਨਾਂਗਲੋਈ ਮੈਟਰੋ ਸਟੇਸ਼ਨਾਂ ਦੀਆਂ ਕੰਧਾਂ 'ਤੇ 'ਦਿੱਲੀ ਬਣੇਗੀ ਖਾਲਿਸਤਾਨ' ਅਤੇ 'ਖਾਲਿਸਤਾਨ ਰੈਫਰੈਂਡਮ ਜ਼ਿੰਦਾਬਾਦ' ਦੇ ਨਾਅਰੇ ਲਿਖੇ ਹੋਏ ਪਾਏ ਗਏ ਸਨ।



ਲੋਕ ਸਭਾ ਚੋਣਾਂ ਤੋਂ ਪਹਿਲਾਂ ਵੱਡੀ ਗਿਣਤੀ 'ਚ

# ਦਿੱਲੀ ਤੇ ਪੰਜਾਬ ਦੇ 'ਸਿੱਖ ਲੀਡਰ' ਭਾਜਪਾ 'ਚ ਸ਼ਾਮਲ

ਨਵੀਂ ਦਿੱਲੀ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਦਿੱਲੀ ਅਤੇ ਪੰਜਾਬ ਤੋਂ ਆਉਣ ਵਾਲੇ ਸਿੱਖ ਭਾਈਚਾਰੇ ਦੇ 1500 ਤੋਂ ਵੱਧ ਲੋਕ ਸ਼ਨੀਵਾਰ (27 ਅਪ੍ਰੈਲ) ਨੂੰ ਭਾਜਪਾ ਵਿਚ ਸ਼ਾਮਲ ਹੋਏ। ਭਾਜਪਾ ਪ੍ਰਧਾਨ ਜੇਪੀ ਨੱਡਾ, ਕੌਮੀ ਜਨਰਲ ਸਕੱਤਰ ਤਰੁਣ ਚੁੱਘ, ਪਾਰਟੀ ਆਗੂ ਮਨਜਿੰਦਰ ਸਿੰਘ ਸਿਰਸਾ ਅਤੇ ਦਿੱਲੀ ਭਾਜਪਾ ਦੇ ਪ੍ਰਧਾਨ ਵਰਿੰਦਰ ਸਚਦੇਵਾ ਦੀ ਮੌਜੂਦਗੀ ਵਿੱਚ ਸਿੱਖ ਭਾਈਚਾਰੇ ਦੇ ਲੋਕ ਪਾਰਟੀ ਵਿੱਚ ਸ਼ਾਮਲ ਹੋਏ। ਇਹ ਲੋਕ ਅਜਿਹੇ ਸਮੇਂ ਵਿੱਚ ਭਾਜਪਾ ਦੇ ਨਾਲ ਆਏ ਹਨ ਜਦੋਂ ਦੇਸ਼ ਵਿੱਚ 2024 ਦੀਆਂ ਲੋਕ ਸਭਾ ਚੋਣਾਂ ਲਈ ਵੋਟਿੰਗ ਹੋ ਰਹੀ ਹੈ। ਇਸ ਮੌਕੇ ਭਾਜਪਾ ਦੇ ਪ੍ਰਧਾਨ ਜੇ.ਪੀ.ਨੱਡਾ ਨੇ ਕਿਹਾ ਕਿ ਅਸੀਂ ਜਾਣਦੇ ਹਾਂ ਕਿ ਸਾਡੇ ਸਿੱਖ ਭਰਾਵਾਂ ਨੇ ਦੇਸ਼ ਲਈ ਕਿਵੇਂ ਕੁਰਬਾਨੀਆਂ ਦਿੱਤੀਆਂ। ਦੇਸ਼ 'ਤੇ ਹੋਏ ਸਾਰੇ ਹਮਲਿਆਂ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਹ ਸਾਡੇ ਲਈ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਸਿੱਖ ਭਾਈਚਾਰੇ ਦੇ ਅਜਿਹੇ ਲੋਕ ਭਾਜਪਾ ਵਿੱਚ ਸ਼ਾਮਲ ਹੋਏ। ਜੇਪੀ ਨੱਡਾ ਨੇ ਕਿਹਾ ਕਿ ਭਾਜਪਾ ਹੀ ਇੱਕ ਅਜਿਹੀ ਪਾਰਟੀ ਹੈ ਜਿਸ ਰਾਹੀਂ ਅਸੀਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਨੂੰ ਅੱਗੇ ਵਧਾ ਸਕਦੇ ਹਾਂ। ਇਸ ਵਿੱਚ ਤੁਹਾਡਾ ਬਹੁਤ ਵੱਡਾ ਯੋਗਦਾਨ ਹੈ। ਤੁਹਾਡੀ ਸ਼ਮੂਲੀਅਤ ਨਾਲ ਅਸੀਂ ਇਸ ਕੰਮ ਨੂੰ ਹੋਰ ਤੇਜ਼ ਰਫ਼ਤਾਰ ਨਾਲ ਅੱਗੇ ਵਧਾਵਾਂਗੇ।" ਉਨ੍ਹਾਂ ਕਿਹਾ, "ਜੇਕਰ ਕਿਸੇ ਨੇ ਸੱਚਮੁੱਚ ਸਿੱਖ ਕੌਮ ਲਈ ਕੰਮ ਕੀਤਾ ਹੈ, ਤਾਂ ਉਹ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਨ। ਮੋਦੀ ਜੀ ਲੰਮੇ ਸਮੇਂ ਤੋਂ ਪੰਜਾਬ ਦੀ ਵਾਗਡੋਰ ਸੰਭਾਲ ਰਹੇ ਹਨ।

### ਪੀਐਮ ਮੋਦੀ ਨੇ 1984 ਦੇ ਦੰਗਿਆਂ 'ਤੇ ਬਣਾਈ ਸਿੱਟ: ਨੱਡਾ

**ਭਾਜਪਾ ਪ੍ਰਧਾਨ ਨੇ ਕਿਹਾ ਕਿ** 1984 'ਚ ਜਿਸ ਤਰ੍ਹਾਂ ਇਨਸਾਨੀਅਤ ਦਾ ਗਲਾ ਘੁੱਟਿਆ ਗਿਆ, ਉਸ ਨੂੰ ਅਸੀਂ ਸਾਰਿਆਂ ਨੇ ਦੇਖਿਆ ਹੈ। ਪ੍ਰਧਾਨ ਮੰਤਰੀ ਮੋਦੀ ਨੇ 1984 ਦੇ ਦੰਗਿਆਂ 'ਤੇ ਐਸ.ਆਈ.ਟੀ. ਦਾ ਗਠਨ ਕੀਤਾ ਸੀ ਅਤੇ ਅੱਜ ਉਨ੍ਹਾਂ ਦੰਗਿਆਂ ਦੇ ਦੋਸ਼ੀ ਜੇਲ 'ਚ ਹਨ। ਜੇਪੀ ਨੱਡਾ ਨੇ ਕਿਹਾ ਕਿ ਐਫਸੀਆਰਏ ਦਾ ਨਿਯਮ ਲੰਬੇ ਸਮੇਂ ਤੋਂ ਨਹੀਂ ਕੀਤਾ ਗਿਆ ਸੀ, ਉਹ ਕੰਮ ਪੀਐਮ ਮੋਦੀ ਨੇ ਕੀਤਾ ਸੀ। ਜਦੋਂ ਲੰਗਰ 'ਤੇ ਜੀਐਸਟੀ ਦੀ ਗੱਲ ਹੋਈ ਤਾਂ ਸਾਡੀ ਸਰਕਾਰ ਨੇ ਵੀ ਕਿਹਾ ਕਿ ਲੰਗਰ 'ਤੇ ਕੋਈ ਟੈਕਸ ਨਹੀਂ ਲੱਗੇਗਾ। ਸਾਡੀ ਸਰਕਾਰ ਨੇ ਕਰਤਾਰਪੁਰ ਸਾਹਿਬ ਲਾਂਘਾ ਬਣਾਇਆ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਨਾਮ ਜਪੋ ਕਿਰਤ ਕਰੋ ਵੰਡ ਛਕੋ

Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment


# ਪੰਜਾਬੀ

## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

### INTERACTIVE LEARNING

ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ

CLICK & LISTEN TO THE CORRECT PRONUNCIATION

### 8 EIGHT PRAYERS AVAILABLE

ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ

EIGHT DAILY PRAYERS AVAILABLE TO LEARN

### AUTO SCROLL GURBANI PLAYER

ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ

READ ALONG & IMPROVE THE PRONUNCIATION

### MULTILINGUAL

ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।

NITNEM IS AVAILABLE IN PUNJABI, HINDI & ENGLISH

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਅਤੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗ੍ਰੰਥੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ , ਫੁੱਟਬਾਲ ਪਿੱਚ ,ਜਿੰਮ , ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £650,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੱਕੀ ਮਹੀਨੇਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ


ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ


ਤਖ਼ਤ ਸ੍ਰੀ ਹਰਿਮੰਦਰ ਜੀ
ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ
ਸ੍ਰੀ ਅਨੰਦਪੁਰ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਬਠਿੰਡਾ)


ਤਖ਼ਤ ਸ੍ਰੀ ਹਜ਼ੂਰ ਸਾਹਿਬ
ਅਬਿਚਲ ਨਗਰ (ਨੰਦੇੜ)


ਸਰਪ੍ਰਸਤ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

## (ਸੰਨ 2024-25)

### ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

### ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

### ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

### ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

● ਸੰਗਰਾਂਦ ● ਮੱਸਿਆ ● ਪੂਰਨਮਾਸ਼ੀ

**ਗੁਰਪੁਰਬ**

[illegible]

**ਇਤਿਹਾਸਕ ਦਿਹਾੜੇ**

[illegible]

**ਸਰਕਾਰੀ ਛੁੱਟੀਆਂ**

[illegible]

**ਭਗਤ ਸਾਹਿਬਾਨ ਦੇ ਦਿਹਾੜੇ**

[illegible]

**ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.**

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਨੂੰ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜ਼ ਤੱਕ ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

☛ ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥


# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਪੁਰਬ

ਗੁਰਿਆਈ ਗੱਦੀ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਜੋਤੀ ਜੋਤ ਧੰਨ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।




ਸ਼ਨਿੱਚਰਵਾਰ 27 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ

ਐਤਵਾਰ 28 ਅਪ੍ਰੈਲ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਇਸ ਗੁਰ ਪੁਰਬ ਦੀਆਂ ਸੇਵਾਵਾਂ ਭਾਈ ਭੁਪਿੰਦਰ ਸਿੰਘ ਰੋਮਾਨੋਗੋ ਦੇ ਉਪਰਾਲੇ ਸਦਕਾ ਸਮੂਹ ਸਿੱਖ ਸੰਗਤਾਂ ਵੱਲੋਂ ਸੇਵਾਵਾਂ ਨਿਭਾਈਆ ਜਾਣਗੀਆਂ।

ਕਥਾ ਵਾਚਕ ਭਾਈ ਰਜਿੰਦਰ ਸਿੰਘ ਨਾਨਕਸਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਆਵਾਜ਼ਿ ਕੌਮ
AWAZE QAUM
International Newspaper & WEB TV
SHIROMANI PANTH AKAALI BUDHA DAL FAUJ UK
UNDER THE GUIDANCE OF AKAALI BABA MAAN SINGH JI 96 CRORI
Mahant Giani Tarlochan Singh Ji
HEAD GRANTHI MISL
SHAHEEDAN TARNA DAL SRI
BABA BAKALA SAHIB
UK TOUR 2024
ARRIVING 30 APRIL
AT MANCHESTER AIRPORT
TIME: 12PM
FOR FURTHER INFORMATION
CONTACT 07789616665 /
07888371623 / 07748380389
AMRIT SANCHAAR
BY PANJ PYAARE FROM BUDHA DAL AND TARNA DAL
SATURDAY 4 MAY 2024
SRI GURU SINGH SABHA GURDWARA
32 DERBY ST, CHEETHAM HILL,
MANCHESTER M8 8RY
• ARRIVE AT 10AM
• BUDHA DAL LICENCE PROVIDED ON THE DAY
• KESI ISHNAN MUST BE DONE

## ਇੱਕ ਨਜ਼ਰ



### ਭੋਏਵਾਲ ਮੰਡੀ 'ਚ ਕਣਕ ਦੀਆਂ ਬੋਰੀਆਂ ਨੂੰ ਅੱਗ ਲੱਗਣ ਨਾਲ 4 ਲੱਖ ਦਾ ਨੁਕਸਾਨ

ਚੌਂਕ ਮਹਿਤਾ, 27 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਦਾਣਾ ਮੰਡੀ ਭੋਏਵਾਲ ਵਿਚ ਕਣਕ ਦੀਆਂ ਬੋਰੀਆਂ ਨੂੰ ਅਚਾਨਕ ਅੱਗ ਲੱਗਣ ਨਾਲ ਸਬੰਧਤ ਆੜ੍ਹਤੀਏ ਦਾ ਕਰੀਬ 4 ਲੱਖ ਰੁਪਏ ਦਾ ਨੁਕਸਾਨ ਹੋਣ ਦਾ ਅਨੁਮਾਨ ਲਗਾਇਆ ਜਾਂ ਰਿਹਾ ਹੈ। ਅੱਜ ਇਥੇ ਮਾਰਕੀਟ ਕਮੇਟੀ ਮਹਿਤਾ ਅਧੀਨ ਫੋਕਲ ਪੁਆਇਟ ਮੰਡੀ ਭੋਏਵਾਲ ਵਿਖ਼ੇ ਉਸ ਸਮੇਂ ਹਫੜਾ ਦਫੜੀ ਮੱਚ ਗਈ ਜਦ ਸਰਕਾਰੀ ਬਰਦਾਨੇ ਵਿਚ ਭਰੀ ਕਣਕ ਦੀਆਂ ਬੋਰੀਆਂ ਨੂੰ ਅੱਗ ਲੱਗ ਗਈ। ਇਸ ਸਮੇਂ ਮੰਡੀ ਵਿਚ ਮੌਜੂਦ ਲੇਬਰ ਅਤੇ ਹੋਰਨਾਂ ਲੋਕਾਂ ਨੇ ਅੱਗ ਨੂੰ ਬੁਝਾਉਣ ਦੇ ਯਤਨ ਕਰਨੇ ਸ਼ੁਰੂ ਕਰ ਦਿੱਤੇ। ਇਥੇ ਜੀ. ਕੇ. ਟਰੈਡਿੰਗ ਕੰਪਨੀ ਦੇ ਮਾਲਕ ਸਰਪੰਚ ਗੁਰਪ੍ਰੀਤ ਸਿੰਘ ਜੌਲੀ ਆੜ੍ਹਤੀਏ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਜ਼ੇਕਰ ਫਾਇਰ ਬਿਰਗੇਡ ਦੀ ਗੱਡੀ ਮੌਕੇ ਤੇ ਨਾਂ ਪਹੁੰਚਦੀ ਤਾ ਇਥੇ ਹੋਰ ਵੀ ਵੱਡਾ ਨੁਕਸਾਨ ਹੋ ਸਕਦਾ ਸੀ। ਸਰਪੰਚ ਜੌਲੀ ਨੇ ਦੱਸਿਆ ਕਿ ਇਸ ਅੱਗ ਨਾਲ 4 ਹਜਾਰ ਦੇ ਕਰੀਬ ਸਰਕਾਰੀ ਬੋਰੀਆਂ ਸੜ ਚੁਕੀਆਂ ਹਨ ਅਤੇ ਕਣਕ ਦਾ ਵੀ ਭਾਰੀ ਨੁਕਸਾਨ ਹੋਇਆ ਹੈ। ਪਰ ਹਾਲੇ ਤਕ ਅੱਗ ਲੱਗਣ ਕਰਨਾ ਦਾ ਪਤਾ ਨਹੀਂ ਚੱਲ ਸਕਿਆ। ਉਨ੍ਹਾਂ ਆਖਿਆ ਕਿ ਕੁਲ ਮਿਲਾ ਕੇ ਇਹ 4 ਲੱਖ ਰੁਪਏ ਦਾ ਨੁਕਸਾਨ ਹੈ, ਜਿਸ ਦਾ ਪ੍ਰਸ਼ਾਸ਼ਿਨਕ ਅਧਿਕਾਰੀਆਂ ਨੇ ਮੌਕੇ ਤੇ ਪਹੁੰਚ ਕੇ ਜਾਇਜ਼ਾ ਲੈ ਲਿਆ ਹੈ। ਇਸ ਸਮੇਂ ਇਥੇ ਮੌਜੂਦ ਆੜ੍ਹਤੀਆ ਅਤੇ ਹੋਰ ਲੋਕਾਂ ਨੇ ਸਰਕਾਰ ਤੋਂ ਮੁਆਵਜੇ ਦੀ ਮੰਗ ਕੀਤੀ ਹੈ।

### ਪੰਜਾਬ ਤੋਂ ਸ੍ਰੀ ਹਜ਼ੂਰ ਸਾਹਿਬ ਆ ਰਹੀਆਂ ਰੇਲ ਗੱਡੀਆਂ ਦਾ ਦੇਰੀ ਨਾਲ ਪੁੱਜਣ ਤੇ ਗਹਿਰੀ ਚਿੰਤਾ ਦਾ ਪ੍ਰਗਟਾਵਾ

ਚੌਂਕ ਮਹਿਤਾ, 27 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਗੁਰਦੁਆਰਾ ਸੱਚਖੰਡ ਬੋਰਡ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਨੇ ਕਿਹਾ ਕਿ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਲਈ ਪੰਜਾਬ ਤੋਂ ਆ ਰਹੀਆਂ ਰੇਲ ਗੱਡੀਆਂ ਸੱਚਖੰਡ ਐਕਸਪ੍ਰੈਸ, ਅੰਮ੍ਰਿਤਸਰ-ਨਾਂਦੇੜ ਹਫਤਾਵਾਰੀ ਟ੍ਰੇਨ, ਹਮਸਫਰ ਐਕਸਪ੍ਰੈਸ, ਸ੍ਰੀ ਗੰਗਾਨਗਰ ਐਕਸਪ੍ਰੈਸ ਆਪਣੇ ਨਿਰਧਾਰਤ ਸਮੇਂ ਤੋਂ 12 ਘੰਟੇ ਜਾਂ ਉਸ ਤੋਂ ਵੀ ਵੱਧ ਦੇਰੀ ਨਾਲ ਪੁੱਜ ਰਹੀਆਂ ਹਨ ਅਤੇ ਏਸੇ ਤਰ੍ਹਾਂ ਵਾਪਸੀ ਵੀ ਆਪਣੀ ਮੰਜਲ ਤੇ ਬਹੁਤ ਦੇਰੀ ਨਾਲ ਪੁਜ ਰਹੀਆਂ ਹਨ ਜਿਸ ਕਾਰਨ ਸੰਗਤਾਂ ਨੂੰ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਕਈ ਵਾਰ ਤਾਂ ਜਿਆਦਾ ਲੇਟ ਹੋਣ ਕਾਰਨ ਗੱਡੀ ਕੈਂਸਲ ਵੀ ਕਰ ਦਿਤੀ ਜਾਂਦੀ ਹੈ ਜਿਸ ਕਰਕੇ ਸੰਗਤਾਂ ਵਿੱਚ ਬਹੁਤ ਭਾਰੀ ਰੋਸ ਪਾਇਆ ਜਾ ਰਿਹਾ ਹੈ । ਗੱਡੀਆਂ ਦੇ ਲੇਟ ਪੁੱਜਣ ਕਾਰਨ ਯਾਤਰੂਆਂ ਨੂੰ ਆਪਣੇ ਮਿਥੇ ਪ੍ਰੋਗਰਾਮ ਵਿੱਚ ਬਹੁਤ ਭਾਰੀ ਦਿਕਤ ਪੇਸ਼ ਆਉਂਦੀ ਹੈ, ਤੇ ਇਥੋਂ ਦੇ ਸਾਰੇ ਲੋਕਲ ਗੁਰਦੁਆਰਿਆਂ ਦੇ ਪੂਰੀ ਤਰ੍ਹਾਂ ਦਰਸ਼ਨ ਕਰਨ ਤੋਂ ਅਸਮਰਥ ਰਹਿ ਜਾਂਦੇ ਹਨ । ਸੋ ਸਮੁੱਚਾ ਰੇਲਵੇ ਵਿਭਾਗ ਇਸ ਮਸਲੇ ਨੂੰ ਗੰਭੀਰਤਾ ਨਾਲ ਲਵੇ ਤੇ ਰੇਲ ਗੱਡੀਆਂ ਦਾ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸਮੇਂ ਸਿਰ ਪਹੁੰਚਣਾ ਯਕੀਨੀ ਬਣਾਵੇ।



### ਆਮ ਜਨਤਾ ਪਾਰਟੀ ਇੰਡੀਆ ਵਲੋਂ ਵਕੀਲ ਨਰਿੰਦਰ ਕੌਰ ਲੋਕ ਸਭਾ ਚੋਣਾਂ ਲਈ ਚੋਣ ਮੈਦਾਨ ਵਿੱਚ ਉਤਰੇ

ਚੌਂਕ ਮਹਿਤਾ, 27 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਲੋਕ ਸਭਾ ਚੋਣਾਂ ਲਈ ਅੰਮ੍ਰਿਤਸਰ ਸਾਹਿਬ ਤੋ ਐਡਵੋਕੇਟ ਨਰਿੰਦਰ ਕੌਰ ਲੜ ਰਹੇ ਹਨ ਚੋਣ ਐਡਵੋਕੇਟ ਨਰਿੰਦਰ ਕੌਰ ਲੋਕ ਸਭਾ ਦੀਆ ਚੋਣਾਂ ਲਈ ਆਮ ਜਨਤਾ ਪਾਰਟੀ ਇੰਡੀਆ ਵੱਲੋ ਅੰਮ੍ਰਿਤਸਰ ਸਾਹਿਬ ਤੋ ਚੋਣ ਲੜਣ ਜਾ ਰਹੇ ਹਨ ਅਤੇ ਇਸ ਮੌਕੇ ਐਡਵੋਕੇਟ ਨਰਿੰਦਰ ਕੌਰ ਜੀ ਨੇ ਦੱਸਿਆ ਕਿ ਉਹ ਲੋਕਾਂ ਦੇ ਭਲੇ ਲਈ ਕੰਮ ਕਰਨਗੇ ਅਤੇ ਆਮ ਲੋਕਾਂ ਦੇ ਹੱਕਾਂ ਪ੍ਰਤੀ ਸੰਸਦ ਵਿਚ ਆਵਾਜ਼ ਉਠਾਉਣਗੇ ਅਤੇ ਲੋਕਾਂ ਦੀਆ ਭਵਿੱਖ ਵਿਚ ਜਰੂਰਤਾਂ ਲਈ ਕੰਮ ਕਰਨਗੇ ਤਾਂ ਜੋ ਆਮ ਲੋਕਾਂ ਨੂੰ ਉਚੇਰੀ ਸਿੱਖਿਆ ਅਤੇ ਵਧੀਆ ਇਲਾਜ਼ ਮੁਫ਼ਤ ਮਿਲ ਸਕੇ ਤਾਂ ਜੋ ਸਾਡਾ ਦੇਸ਼ ਖੁਸ਼ਹਾਲ ਦੇਸ਼ ਬਣ ਸਕੇ ਐਡਵੋਕੇਟ ਨਰਿੰਦਰ ਕੌਰ ਜੀ ਨੇ ਦੱਸਿਆ ਕੇ ਓਹ ਪਹਿਲ ਦੇ ਅਧਾਰ ਤੇ ਇਸ ਐਕਟ ਨੂੰ ਪਾਸ ਕਰਵਾਉਣਗੇ ਐਡਵੋਕੇਟ ਨਰਿੰਦਰ ਕੌਰ ਜੀ ਨੇ ਇਸ ਮੌਕੇ ਇਕ ਬਹੁਤ ਹੀ ਜਰੂਰੀ ਗੱਲ ਕਹੀ ਕੇ ਓਹ ਲੋਕ ਸਭਾ ਚੋਣਾਂ ਵਿੱਚ ਜਿੱਤ ਪ੍ਰਾਪਤ ਕਰਨ ਤੋ ਬਾਅਦ ਅੰਮ੍ਰਿਤਸਰ ਦੇ ਲੋਕ ਸਭਾ ਹਲਕੇ ਦੇ ਹਰ ਇਕ ਖੇਤਰ ਵਿੱਚ ਐਤਵਾਰ ਵਾਲੇ ਦਿਨ ਵਾਰੀ ਵਾਰੀ ਮਹਾ ਪੰਚਾਇਤ ਸਭਾ ਦਾ ਆਯੋਜਨ ਕਰਿਆ ਕਰਨਗੇ ਜਿੱਥੇ ਓਹ ਆਮ ਲੋਕਾਂ ਦੀਆ ਮੁਸ਼ਿਕਲਾਂ, ਸਮੱਸਿਆਵਾਂ, ਵਪਾਰੀ ਵਰਗ ਦੀਆ ਸਮੱਸਿਆਵਾਂ ਤੇ ਅੰਮ੍ਰਿਤਸਰ ਸਾਹਿਬ ਦੇ ਲੋਕ ਸਭਾ ਦੇ ਹਲਕੇ ਵਿੱਚ ਪੈਂਦੇ ਹਰ ਖੇਤਰ ਦੇ ਜੋ ਵਿਕਾਸ ਕਾਰਜ ਅਧੂਰੇ ਰਹਿੰਦੇ ਜਾ ਹੋਣ ਵਾਲੇ ਹਨ ਓਹਨਾ ਕੰਮਾਂ ਨੂੰ ਪੂਰਾ ਕਰਨਗੇ ਅਤੇ ਬਾਬਾ ਭੀਮ ਰਾਓ ਅੰਬੇਦਕਰ ਜੀ ਦੇ ਬਣਾਏ ਹੋਏ ਸਿਧਾਂਤਾ ਅਨੁਸਾਰ ਕੰਮ ਕਰਨਗੇ ਅਤੇ ਕਿਸਾਨਾਂ ਦੇ ਹੱਕਾਂ ਲਈ ਆਵਾਜ਼ ਸੰਸਦ ਵਿਚ ਉਠਾਉਣਗੇ।



### ਅਖੰਡ ਪਾਠੀ ਸਿੰਘਾਂ ਦੇ ਸਾਰੇ ਮਸਲੇ ਪਹਿਲ ਦੇ ਅਧਾਰ ਤੇ ਕੀਤੇ ਜਾਣਗੇ ਹੱਲ: ਭਾਈ ਸ਼ਿਵਦੇਵ ਸਿੰਘ ਗੁਰੂਵਾਲੀ

ਚੌਂਕ ਮਹਿਤਾ, 27 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ਼੍ਰੋਮਣੀ ਅਖੰਡ ਪਾਠੀ ਵੈੱਲਫੇਅਰ ਸੁਸਾਇਟੀ ਰਜਿ ਭਾਰਤ ਦੀ ਅਹਿਮ ਮੀਟਿੰਗ ਹੋਈ ਜਿਸ ਵਿਚ ਵੀਚਾਰਾਂ ਕੀਤੀਆਂ ਗਈਆਂ ਅਤੇ ਸਿੰਘਾਂ ਆ ਰਹੀਆਂ ਸਮੱਸਿਆਵਾਂ ਜਲਦੀ ਹੀ ਹੱਲ ਕਰਨ ਲਈ ਫੈਸਲਾ ਕੀਤਾ ਗਿਆ ਸ੍ਰੀ ਦਰਬਾਰ ਸਾਹਿਬ ਗਲਿਆਰਾ ਵਿਖੇ ਮੀਟਿੰਗ ਕੀਤੀ ਗਈ ਜੈਕਾਰਿਆਂ ਦੀ ਗੂੰਜ ਵਿੱਚ ਪ੍ਰਧਾਨ ਭਾਈ ਸ਼ਿਵਦੇਵ ਸਿੰਘ ਗੁਰੂਵਾਲੀ ਨੂੰ ਪ੍ਰਵਾਨਗੀ ਦਿੱਤੀ ਗਈ ਕਿ ਸਿੰਘਾਂ ਸਾਰੇ ਮਸਲੇ ਹੱਲ ਕੀਤੇ ਜਾਣ ਇਸ ਸਮੇਂ ਸੁਸਾਇਟੀ ਦੇ ਸਮੂਹ ਅਹੁਦੇਦਾਰ ਅਤੇ ਮੈਂਬਰ ਸਹਿਬਾਨ ਨੇ ਹਾਜਰੀ ਭਰੀ ਇਸ ਮੌਕੇ ਤੇ ਸੀਨੀਅਰ ਮੀਤ ਪ੍ਰਧਾਨ ਭਾਈ ਗੁਰਦੇਵ ਸਿੰਘ ਛੀਨਾ ਵਰਨਾਲੀ ਮੀਤ ਪ੍ਰਧਾਨ ਭਾਈ ਦਿਲਬਾਗ ਸਿੰਘ ਗੁਰੂਵਾਲੀ ਜਨਰਲ ਸਕੱਤਰ ਭਾਈ ਪ੍ਰਗਟ ਸਿੰਘ ਰੰਧਾਵਾ ਖਿਦੋਵਾਲੀ ਪ੍ਰਚਾਰ ਸਕੱਤਰ ਭਾਈ ਦਰਸਨ ਸਿੰਘ ਗੁਰੂਵਾਲੀ ਮੀਤ ਸਕੱਤਰ ਭਾਈ ਸੁਮੀਤ ਸਿੰਘ ਮੀਤ ਸਕੱਤਰ ਭਾਈ ਕੀਰਤ ਸਿੰਘ ਖਜਾਨ ਚੀ ਭਾਈ ਤਰਲੋਚਨ ਸਿੰਘ ਭਾਈ ਸੁਲੱਖਣ ਸਿੰਘ ਭਾਈ ਕਿਰਪਾਲ ਸਿੰਘ ਲੁਧਿਆਣਾ ਭਾਈ ਸੁਖਦੇਵ ਸਿੰਘ ਮੱਲ੍ਹੀ ਭਾਈ ਮੁਖਵਿੰਦਰ ਸਿੰਘ ਭਾਈ ਰਾਜਨ ਪ੍ਰੀਤ ਸਿੰਘ ਅਤੇ ਸਮੂਹ ਮੈਂਬਰ ਸਹਿਬਾਨ ਹਾਜਰ ਸਨ।



#### ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ, ਜਥਾ ਸਿਰਲੱਥ ਖ਼ਾਲਸਾ ਤੇ ਵਾਰਿਸ ਪੰਜਾਬ ਦੇ ਵੱਲੋਂ

## ਮਾਨ ਦਲ ਦੇ ਉਮੀਦਵਾਰ ਸ. ਈਮਾਨ ਸਿੰਘ ਮਾਨ ਦਾ ਸਮਰਥਨ

■ ਬਾਦਲਕੇ, ਕਾਂਗਰਸੀ, ਭਾਜਪਾ ਤੇ ਝਾੜੂ ਵਾਲੇ ਪੰਥ ਤੇ ਪੰਜਾਬ ਦੇ ਹਿਤੈਸ਼ੀ ਨਹੀਂ : ਈਮਾਨ ਸਿੰਘ ਮਾਨ • ਬਾਦਲਾਂ ਨੇ ਵੀ ਹਮੇਸ਼ਾ ਪੰਥ ਤੇ ਪੰਜਾਬ ਨਾਲ ਗ਼ੱਦਾਰੀ ਕੀਤੀ, ਇਹਨਾਂ ਦੇ ਰਾਜ 'ਚ ਬਰਗਾੜੀ ਤੇ ਬਹਿਬਲ ....







ਅੰਮ੍ਰਿਤਸਰ, 27 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ): ਅੱਜ ਨਿਊ ਅੰਮ੍ਰਿਤਸਰ ਦੀ ਡਾਕਟਰ ਐਵੀਨਿਊ ਵਿਖੇ ਵੱਖ-ਵੱਖ ਪੰਥਕ ਜਥੇਬੰਦੀਆਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ, ਜਥਾ ਸਿਰਲੱਥ ਖ਼ਾਲਸਾ ਅਤੇ ਵਾਰਿਸ ਪੰਜਾਬ ਦੇ ਆਗੂਆਂ ਦੀ ਲੋਕ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਅਹਿਮ ਮੀਟਿੰਗ ਹੋਈ।ਮੀਟਿੰਗ 'ਚ ਵਿਚਾਰਾਂ ਤੋਂ ਬਾਅਦ ਸ੍ਰੀ ਅੰਮ੍ਰਿਤਸਰ ਦੀ ਲੋਕ ਸਭਾ ਸੀਟ ਤੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੰਥਕ ਉਮੀਦਵਾਰ ਸ. ਈਮਾਨ ਸਿੰਘ ਮਾਨ ਦਾ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਜਥਾ ਸਿਰਲੱਥ ਖ਼ਾਲਸਾ ਦੇ ਮੁੱਖ ਜਥੇਦਾਰ ਭਾਈ ਦਿਲਬਾਗ ਸਿੰਘ ਸੁਲਤਾਨਵਿੰਡ (ਸਪੁੱਤਰ ਸ਼ਹੀਦ ਬਾਬਾ ਪਿਆਰਾ ਸਿੰਘ ਜੀ), ਭਾਈ ਭੁਪਿੰਦਰ ਸਿੰਘ ਛੇ ਜੂਨ ਅਤੇ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਭਾਈ ਹਰਮਨਦੀਪ ਸਿੰਘ ਪੂਰਨ ਸਮਰਥਨ ਕਰਦਿਆਂ ਸਿਰੋਪੇ ਅਤੇ ਦੁਸ਼ਾਲੇ ਪਾ ਕੇ ਸ਼ਾਨਦਾਰ ਸਨਮਾਨ ਕੀਤਾ।ਇਸ ਮੌਕੇ ਸ.ਈਮਾਨ ਸਿੰਘ ਮਾਨ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਭਾਈ ਦਿਲਬਾਗ ਸਿੰਘ ਸੁਲਤਾਨਵਿੰਡ, ਭਾਈ ਭੁਪਿੰਦਰ ਸਿੰਘ ਛੇ ਜੂਨ, ਭਾਈ ਹਰਮਨਦੀਪ ਸਿੰਘ, ਸ. ਉਪਕਾਰ ਸਿੰਘ ਸੰਧੂ ਨੇ ਕਿਹਾ ਕਿ ਕਾਂਗਰਸ ਨੇ ਸ੍ਰੀ ਦਰਬਾਰ ਸਾਹਿਬ 'ਤੇ ਹਮਲਾ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ ਢੇਰੀ ਕੀਤਾ, ਸਿੱਖ ਨੌਜਵਾਨੀ ਦੇ ਝੂਠੇ ਪੁਲੀਸ ਮੁਕਾਬਲੇ ਬਣਾਏ। ਬਾਦਲਾਂ ਨੇ ਵੀ ਹਮੇਸ਼ਾ ਪੰਥ ਤੇ ਪੰਜਾਬ ਨਾਲ ਗ਼ੱਦਾਰੀ ਕੀਤੀ, ਇਹਨਾਂ ਦੇ ਰਾਜ 'ਚ ਬਰਗਾੜੀ ਤੇ ਬਹਿਬਲ ਕਾਂਡ ਵਾਪਰੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਤੇ ਸਿੰਘਾਂ ਦੀਆਂ ਸ਼ਹੀਦੀਆਂ ਹੋਈਆਂ, ਸਿਰਸੇ ਵਾਲੇ ਨਾਲ ਯਾਰੀ ਨਿਭਾਈ। ਭਾਜਪਾ ਨੇ ਹਮੇਸ਼ਾ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਇਆ, ਸਿੱਖੀ ਦਾ ਹਿੰਦੂਕਰਨ ਕਰਨ 'ਚ ਕੋਈ ਕਸਰ ਬਾਕੀ ਨਾ ਛੱਡੀ ਤੇ ਅੱਜ ਵੀ ਵਿਦੇਸ਼ਾਂ ਵਿੱਚ ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਹਰਦੀਪ ਸਿੰਘ ਨਿੱਝਰ, ਭਾਈ ਅਵਤਾਰ ਸਿੰਘ ਖੰਡਾ, ਭਾਈ ਸੰਦੀਪ ਸਿੰਘ ਦੀਪ ਸਿੱਧੂ ਦਾ ਕਤਲ ਕਰਵਾ ਚੁੱਕੀ ਹੈ। ਆਮ ਆਦਮੀ ਪਾਰਟੀ ਸਿਰਫਿਰਿਆਂ ਦੀ ਪਾਰਟੀ ਹੈ ਜੋ ਦਿੱਲੀ ਤੋਂ ਚੱਲਦੀ ਹੈ, ਇਹਨਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਤੇ ਹੋਰ ਸਿੱਖ ਨੌਜਵਾਨਾਂ ਤੇ ਐਨ.ਐਸ.ਏ. ਲਗਾ ਕੇ ਜੁਲਮੀ ਵਤੀਰਾ ਕੀਤਾ ਹੈ। ਪੰਥਕ ਆਗੂਆਂ ਨੇ ਕਿਹਾ ਕਿ ਸਾਡੇ ਲਈ ਮਾਣ ਵਾਲੀ ਗੱਲ ਹੈ ਕਿ ਸਰਦਾਰ ਇਮਾਨ ਸਿੰਘ ਮਾਨ ਅੰਮ੍ਰਿਤਸਰ ਤੋਂ ਚੋਣ ਲੜ ਰਹੇ ਹਨ ਉਹਨਾਂ ਦਾ ਸਾਥ ਦੇਣਾ ਸਾਡੇ ਸਾਰਿਆਂ ਦਾ ਫਰਜ਼ ਹੈ। ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਅਤੇ ਕੌਮੀ ਯੋਧੇ ਭਾਈ ਸੰਦੀਪ ਸਿੰਘ ਦੀਪ ਸਿੱਧੂ ਦੇ ਵਾਰਸ ਸਰਦਾਰ ਇਮਾਨ ਸਿੰਘ ਮਾਨ ਦੇ ਹੱਕ 'ਚ ਖੁੱਲ੍ਹ ਕੇ ਨਿੱਤਰਨ। ਇਸ ਮੌਕੇ ਜਨਰਲ ਸਕੱਤਰ ਸ. ਉਪਕਾਰ ਸਿੰਘ ਸੰਧੂ, ਅਮਰੀਕ ਸਿੰਘ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ, ਬਲਵਿੰਦਰ ਸਿੰਘ ਕਾਲਾ, ਸ਼ਮਸ਼ੇਰ ਸਿੰਘ ਪੱਧਰੀ ਜਿਲ੍ਹਾ ਪ੍ਰੈਸ ਸਕੱਤਰ, ਰਵੀਸ਼ੇਰ ਸਿੰਘ ਯੂਥ ਆਗੂ, ਸਿਮਰਨਜੀਤ ਸਿੰਘ, ਹਰਸਿਮਰਨਜੀਤ ਸਿੰਘ ਤੇ ਜਸਕਰਨ ਸਿੰਘ ਨੰਗਲ ਸਮੇਤ ਪਾਰਟੀ ਦੀ ਪ੍ਰਮੁੱਖ ਲੀਡਰਸ਼ਿਪ ਹਾਜ਼ਰ ਸੀ।

#### ਜਸਟਿਸ ਜਸਗੁਰਪ੍ਰੀਤ ਸਿੰਘ ਪੁਰੀ ਅਤੇ ਪ੍ਰਿੰਸੀਪਲ ਡਾ ਜਸਪਾਲ ਸਿੰਘ ਪਾਸੋਂ

## ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਲਾਅ ਦੀ ਡਿਗਰੀ ਕੀਤੀ ਪ੍ਰਾਪਤ



ਜੰਡਿਆਲਾ ਗੁਰੂ, 27 ਅਪ੍ਰੈਲ( ਕੁਲਵੰਤ ਸਿੰਘ ਵਿਰਦੀ) ਅੱਜ ਖ਼ਾਲਸਾ ਕਾਲਜ ਆਫ ਲਾਅ ਵਲੋਂ ਕਰਵਾਈ ਗਈ ਪਹਿਲੀ ਕਨਵੋਕੇਸ਼ਨ ਵਿਚ ਮੰਤਰੀ ਹਰਭਜਨ ਸਿੰਘ ਈ ਟੀ ਓ ਆਪਣੀ ਲਾਅ ਦੀ ਡਿਗਰੀ ਲੈਣ ਪਹੁਚੇ ।ਕਨਵੋਕੇਸ਼ਨ ਵਿਚ ਮੁੱਖ ਮਹਿਮਾਨ ਦੇ ਤੌਰ ਮਾਣਯੋਗ ਜੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਜਸਟਿਸ ਸ ਜਸਗੁਰਪ੍ਰੀਤ ਸਿੰਘ ਪੁਰੀ ਜੀ ਵਿਦਿਆਰਥੀਆਂ ਨੂੰ ਡਿਗਰੀਆਂ ਦੇਣ ਲਈ ਪਹੁੰਚੇ ।ਜਸਟਿਸ ਸ ਜਸਗੁਰਪ੍ਰੀਤ ਸਿੰਘ ਪੁਰੀ ਜੀ ਨੇ ਕੁੱਲ 351 ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ ।ਜਿਕਰਯੋਗ ਹੈ ਕਿ ਪੰਜਾਬ ਸਰਕਾਰ ਵਿਚ ਬਤੌਰ ਕੈਬਿਨੇਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਸਾਲ 2018 -2021 ਵਿੱਚ ਖ਼ਾਲਸਾ ਕਾਲਜ ਆਫ ਲਾਅ ਵਿਖੇ ਐੱਲ ਐੱਲ ਬੀ ਦੀ ਪੜਾਈ ਪਹਿਲੇ ਦਰਜੇ ਵਿੱਚ ਪਾਸ ਕੀਤੀ । ਇਸ ਮੌਕੇ ਗੱਲਬਾਤ ਦੌਰਾਨ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਕਿਹਾ ਉਹਨਾਂ ਨੂੰ ਬਹੁਤ ਖੁਸ਼ੀ ਮਹਿਸੂਸ ਹੋ ਰਹੀ ਹੈ ਕਿ ਉਹ ਇਸ ਕਾਲਜ ਦੀ ਪਹਿਲੀ ਕਨਵੋਕੇਸ਼ਨ ਦਾ ਹਿੱਸਾ ਬਣੇ ਅਤੇ ਨਾਲ ਹੀ ਉਹਨਾਂ ਨੇ ਕਾਲਜ ਦੇ ਪ੍ਰਿੰਸੀਪਲ ਡਾ ਜਸਪਾਲ ਸਿੰਘ ਜੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਕਾਲਜ ਦਾ ਸਾਰਾ ਸਟਾਫ਼ ਬਹੁਤ ਹੀ ਮਿਹਨਤੀ ਹੈ ।ਮੰਤਰੀ ਈ ਟੀ ਓ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਸਾਰੇ ਹੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਹਨਾ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿਤੀਆਂ ਅਤੇ ਕਿਹਾ ਕਿ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਇਹ ਕਾਲਜ ਹੋਰ ਤਰਕੀ ਕਰੇ । ਇਸ ਮੌਕੇ ਖ਼ਾਲਸਾ ਕਾਲਜ ਸੋਸਾਇਟੀ ਦੇ ਸੈਕਟਰੀ ਰਜਿੰਦਰ ਮੋਹਨ ਸਿੰਘ, ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਸ ਮਹਿਲ ਸਿੰਘ, ਖ਼ਾਲਸਾ ਕਾਲਜ ਵੂਮੈਨ ਦੀ ਪ੍ਰਿੰਸੀਪਲ ਡਾ ਸੁਰਿੰਦਰ ਕੌਰ, ਪ੍ਰਿੰਸੀਪਲ ਦਲਜੀਤ ਸਿੰਘ , ਪ੍ਰਿੰਸੀਪਲ ਕਵਲਜੀਤ ਸਿੰਘ , ਐਡੀਸ਼ਨਲ ਐਡਵੋਕੇਟ ਜਰਨਲ ਕਰਮਜੀਤ ਸਿੰਘ , ਕਾਲਜ ਦਾ ਸਟਾਫ਼ ਮੌਜੂਦ ਰਹੇ ।

## ਅਮਨਪ੍ਰੀਤ ਹੈਰੀ ਐਸ.ਓ.ਆਈ ਮਾਝਾ ਜ਼ੋਨ ਦੇ ਪ੍ਰਧਾਨ ਨਿਯੁੱਕਤ



ਚੌਂਕ ਮਹਿਤਾ, 27 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ ) - ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਸ.ਓ.ਆਈ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਤੇ ਐਸ.ਓ.ਆਈ ਦੇ ਪ੍ਰਧਾਨ ਰਣਬੀਰ ਸਿੰਘ ਢਿਲੋਂ ਨਾਲ ਸਲਾਹ ਮਸ਼ਵਰਾ ਕਰਕੇ ਵਿਧਾਨ ਸਭਾ ਹਲਕਾ ਪੱਛਮੀ ਦੇ ਨੌਜਵਾਨ ਆਗੂ ਅਮਨਪ੍ਰੀਤ ਸਿੰਘ ਹੈਰੀ ਕੋਟ ਖਾਲਸਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਵੇਖਦੇ ਹੋਏ ਉਨ੍ਹਾਂ ਨੂੰ ਐਸ.ਓ.ਆਈ ਮਾਝਾਂ ਜੋਨ ਦਾ ਪ੍ਰਧਾਨ ਨਿਯੁੱਕਤ ਕੀਤਾ ਗਿਆ ਹੈ ਅਮਨਪ੍ਰੀਤ ਸਿੰਘ ਹੈਰੀ ਕੋਟ ਖਾਲਸਾ ਦੇ ਐਸ.ਓ.ਆਈ ਮਾਝਾ ਜੋਨ ਦੇ ਪ੍ਰਧਾਨ ਬਣਨ ਤੇ ਮਾਝੇ ਦੇ ਨੌਜਵਾਨਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਮਨਪ੍ਰੀਤ ਸਿੰਘ ਹੈਰੀ ਕੋਟ ਖਾਲਸਾ ਨੇ ਅਪਣੀ ਨਿਯੁੱਕਤੀ ਤੇ ਸਮੁੱਚੀ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਜਿਹੜੀ ਸੇਵਾ ਉਨ੍ਹਾ ਨੂੰ ਸੌਂਪੀ ਗਈ ਹੈ ਉਹ ਉਸਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।ਹੈਰੀ ਨੇ ਕਿਹਾ ਕਿ ਐਸ.ਓ.ਆਈ ਨੂੰ ਮੁੜ ਤੋਂ ਜਥੇਬੰਧਕ ਕੀਤਾ ਜਾਵੇਗਾ ਅਤੇ ਮਿਹਨਤੀ ਕੰਮ ਕਰਨ ਵਾਲਿਆਂ ਨੂੰ ਐਸ.ਓ.ਆਈ ਵਿੱਚ ਅੱਗੇ ਲਿਆਂਦਾ ਜਾਵੇਗਾ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਪਹਿਲਾ ਟੀਚਾ ਲੋਕ ਸਭਾ ਚੋਣਾਂ ਵਿੱਚ ਅਕਾਲੀ ਦਲ ਦੀ ਇਤਿਹਾਸਿਕ ਜਿੱਤ ਦਿਵਾਉਣਾ ਹੈ।

# ਇੱਕ ਨਜ਼ਰ



## ਅਕਾਲ ਯੂਨੀਵਰਸਿਟੀ ਵਿਖੇ ਏਸ਼ੀਆਈ ਲਾਇਬ੍ਰੇਰੀਆਂ ਦੀ 7ਵੀਂ ਅੰਤਰਰਾਸ਼ਟਰੀ ਕਾਨਫਰੰਸ ਹੋਈ ਸਮਾਪਤ

ਤਲਵੰਡੀ ਸਾਬੋ, 27 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਵਿਖੇ ਏਸ਼ੀਅਨ ਲਾਇਬ੍ਰੇਰੀ ਐਸੋਸੀਏਸ਼ਨ ਦੇ ਸਹਿਯੋਗ ਨਾਲ ਆਯੋਜਿਤ ਦੋ ਰੋਜ਼ਾ ਏਸ਼ੀਅਨ ਲਾਇਬ੍ਰੇਰੀਆਂ ਦੀ 7ਵੀਂ ਇੰਟਰਨੈਸ਼ਨਲ ਕਾਨਫਰੰਸ ਸਫਲਤਾ ਨਾਲ ਸਮਾਪਤ ਹੋਈ। ਕਾਨਫਰੰਸ ਦਾ ਵਿਸ਼ਾ "ਅਕਾਦਮਿਕ ਲਾਇਬ੍ਰੇਰੀਆਂ: ਨਵੀਨਤਾ ਅਤੇ ਤਕਨਾਲੋਜੀ ਦੁਆਰਾ ਉੱਤਮਤਾ ਨੂੰ ਕਾਇਮ ਰੱਖਣਾ" ਸੀ। ਕਾਨਫਰੰਸ ਰਾਹੀਂ ਡਿਜੀਟਲ ਯੁੱਗ ਵਿੱਚ ਲਾਇਬ੍ਰੇਰੀ ਵਿਗਿਆਨ ਦੇ ਵਿਕਾਸਸ਼ੀਲ ਲੈਂਡਸਕੇਪ 'ਤੇ ਵਿਚਾਰ ਕਰਨ ਲਈ ਵਿਸ਼ਵ ਭਰ ਦੇ ਵਿਦਵਾਨ, ਵਿਸ਼ਾ ਮਾਹਰਾ ਅਤੇ ਪ੍ਰੈਕਟੀਸ਼ਨਰ ਇਕੱਠੇ ਹੋਏ। ਕਾਨਫਰੰਸ ਦੀ ਸ਼ੁਰੂਆਤ ਏਸ਼ੀਅਨ ਲਾਇਬ੍ਰੇਰੀ ਐਸੋਸੀਏਸ਼ਨ ਦੇ ਪ੍ਰਧਾਨ ਡਾ. ਐੱਸ. ਐੱਸ. ਢਾਕਾ ਅਤੇ ਆਰਗੇਨਾਈਜ਼ਿੰਗ ਸੈਕਟਰੀ ਸ਼ਾਹਜ਼ੇਬ ਹਸਨ ਦੇ ਨਿੱਘੇ ਸੁਆਗਤੀ ਭਾਸ਼ਣ ਨਾਲ ਹੋਈ, ਜਿਸ ਨਾਲ ਵਿਚਾਰ-ਵਟਾਂਦਰੇ ਅਤੇ ਸਹਿਯੋਗੀ ਅਦਾਨ-ਪ੍ਰਦਾਨ ਲਈ ਇਕ ਭੂਮਿਕਾ ਤਿਆਰ ਹੋਈ। ਭਾਰਤ ਦੇ ਯੋਜਨਾ ਕਮਿਸ਼ਨ ਦੇ ਸਾਬਕਾ ਲਾਇਬ੍ਰੇਰੀ ਡਾਇਰੈਕਟਰ ਡਾ. ਪੀ.ਆਰ ਗੋਸਵਾਮੀ ਨੇ ਅਕਾਦਮਿਕ ਲਾਇਬ੍ਰੇਰੀਆਂ 'ਤੇ ਸੂਚਨਾ ਅਤੇ ਸੰਚਾਰ ਤਕਨਾਲੋਜੀ (ਆਈਸੀਟੀ) ਦੇ ਪਰਿਵਰਤਨਸ਼ੀਲ ਪ੍ਰਭਾਵ ਨੂੰ ਰੇਖਾਂਕਿਤ ਕਰਦੇ ਹੋਏ ਮੁੱਖ ਭਾਸ਼ਣ ਦਿੱਤਾ। ਉਹਨਾਂ ਨੇ ਲਾਇਬ੍ਰੇਰੀ ਸੇਵਾਵਾਂ ਵਿੱਚ ਉੱਤਮਤਾ ਨੂੰ ਕਾਇਮ ਰੱਖਣ ਲਈ ਵਿਸ਼ੇਸ਼ ਤਕਨਾਲੋਜੀ ਨੂੰ ਵਿਕਸਤ ਕਰਨ ਅਤੇ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਕਾਨਫਰੰਸ ਦਾ ਉਦਘਾਟਨ ਕਰਦੇ ਹੋਏ ਅਕਾਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ ਨੇ ਆਪਣੇ ਉਦਘਾਟਨੀ ਭਾਸ਼ਣ ਵਿਚ ਖੇਤੀ ਕ੍ਰਾਂਤੀ ਤੋਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਯੁੱਗ ਤੱਕ ਤਕਨੀਕੀ ਨਵੀਨਤਾ ਦੇ ਗੇੜ ਦੀ ਚਰਚਾ ਕੀਤੀ ਅਤੇ ਆਈ.ਸੀ.ਟੀ. ਤੋਂ ਬਾਅਦ ਏ ਆਈ ਨੂੰ ਚੌਥੀ ਕ੍ਰਾਂਤੀ ਵਜੋਂ ਪਛਾਣਿਆ। ਕਾਨਫਰੰਸ ਵਿੱਚ ਖੇਤਰ ਦੇ ਮਾਣਯੋਗ ਮਾਹਿਰਾਂ ਦੀ ਅਗਵਾਈ ਵਿੱਚ ਕਈ ਤਕਨੀਕੀ ਸੈਸ਼ਨ ਹੋਏ, ਜਿਨ੍ਹਾਂ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਡਾ. ਖੁਸ਼ਪ੍ਰੀਤ ਸਿੰਘ, ਡਾ. ਐਸ.ਐਮ ਜਾਮੀਆਮਿਲੀਆਇਸਲਾਮੀਆ, ਨਵੀਂ ਦਿੱਲੀ ਤੋਂ ਅੱਬਾਸ, ਆਸੀਆਲਾ ਦੇ ਪ੍ਰਧਾਨ ਡਾ. ਐਸ.ਐਸ. ਢਾਕਾ, ਏ.ਐਮ.ਯੂ ਅਲੀਗੜ੍ਹ ਤੋਂ ਡਾ. ਹਬੀਬੁਰ ਰਹਿਮਾਨ ਖਾਨ ਅਤੇ ਆਈ ਏ ਟੀ ਐਲ ਆਈ ਐਸ ਦੇ ਡਾਇਰੈਕਟਰ ਪ੍ਰੋ. ਜਗਤਾਰ ਸਿੰਘ ਸ਼ਾਮਿਲ ਹੋਏ। ਡਾ. ਮੁਜ਼ੱਮਿਲ ਮੁਸਤਾਕ, ਏ.ਐਮ.ਯੂ. ਨੇ ਕਾਨਫਰੰਸ ਦੀ ਰਿਪੋਰਟ ਬਾਰੇ ਇੱਕ ਵਿਆਪਕ ਸੰਖੇਪ ਜਾਣਕਾਰੀ ਦਿੱਤੀ। ਭਾਰਤ ਅਤੇ ਵਿਦੇਸ਼ਾਂ ਦੇ ਸੌ ਤੋਂ ਵੱਧ ਡੈਲੀਗੇਟਾਂ ਨੇ ਸਰਗਰਮੀ ਨਾਲ ਹਿੱਸਾ ਲਿਆ ਅਤੇ ਆਪਣੀ ਖੋਜ ਪੇਸ਼ ਕੀਤੀ। ਇਸ ਮੌਕੇ ਇੱਕ ਵਿਸ਼ੇਸ਼ ਲਾਇਬ੍ਰੇਰੀ ਪ੍ਰਦਰਸ਼ਨੀ ਕਾਨਫਰੰਸ ਦੀ ਮੁੱਖ ਵਿਸ਼ੇਸ਼ਤਾ ਸੀ। ਕਾਨਫਰੰਸ ਦੀ ਸਮਾਪਤੀ ਡੀਨ ਅਕਾਦਮਿਕ ਮੇਜਰ ਜਨਰਲ ਜੀ.ਐਸ. ਲਾਂਬਾ ਦੇ ਧੰਨਵਾਦੀ ਸ਼ਬਦਾਂ ਨਾਲ ਹੋਈ। ਉਹਨਾਂ ਨੇਆਈ ਸੀ ਏ ਐਲ 2024 ਦੀ ਸਫ਼ਲਤਾ ਲਈ ਅਣਮੁੱਲੇ ਯੋਗਦਾਨ ਲਈ ਸਾਰੇ ਹਾਜ਼ਰੀਨ, ਪ੍ਰਬੰਧਕਾਂ ਅਤੇ ਸਪਾਂਸਰਾਂ ਦੀ ਸ਼ਲਾਘਾ ਕੀਤੀ।

## ਗੁਰਦੁਆਰਾ ਬਾਬਾ ਦੀਪ ਸਿੰਘ ਜੀ ਵਡਾਲੀ ਡੋਗਰਾਂ ਵਿਖੇ ਗੁਰਮਤਿ ਸਮਾਗਮ 29 ਨੂੰ

ਜੰਡਿਆਲਾ ਗੁਰੂ, 27 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)- ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਸ਼ਹੀਦਾਂ ਦੇ ਸਿਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਪਿੰਡ ਵਡਾਲੀ ਡੋਗਰਾਂ ਵਿਖੇ 29 ਅਪ੍ਰੈਲ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆਂ ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਰਜਿ ਵਡਾਲੀ ਡੋਗਰਾਂ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਜੀ ਨੇ ਅੱਗੇ ਕਿਹਾ ਕਿ ਇਨ੍ਹਾਂ ਪੁਰਬਾਂ ਨੂੰ ਸਮਰਪਿਤ 29 ਅਪ੍ਰੈਲ ਦਿਨ ਸੋਮਵਾਰ ਸ਼ਾਮ ਨੂੰ ਸੰਧਿਆ ਦੀ ਸਮਾਪਤੀ ਤੋਂ ਬਾਅਦ 7 ਵਜੇ 8.30 ਤੱਕ ਸਤਿਸੰਗ ਜਥੇ ਦੇ ਸਿੰਘਾਂ ਵੱਲੋਂ ਕੀਰਤਨ ਹਾਜ਼ਰੀ ਭਰੀ ਜਾਵੇਗੀ ਅਤੇ 8.30 ਤੋਂ ਲੈਕੇ 9.30 ਤੱਕ ਭਾਈ ਅਮਨਦੀਪ ਸਿੰਘ ਜੀ ਜੰਡਿਆਲਾ ਗੁਰੂ ਵਾਲਿਆਂ ਵੱਲੋਂ ਸੰਗਤਾਂ ਨਾਲ ਗੁਰਮਤਿ ਵੀਚਾਰਾਂ ਦੀ ਸਾਂਝ ਪਾਉਂਦਿਆਂ ਹੋਇਆਂ ਗੁਰੂ ਸਾਹਿਬ ਜੀ ਦੇ ਇਤਿਹਾਸ ਤੋਂ ਜਾਣੂੰ ਕਰਵਾਇਆ ਜਾਵੇਗਾ ਅੱਗੇ ਉਨ੍ਹਾ ਕਿਹਾ ਕਿ ਕਥਾ ਵੀਚਾਰਾਂ ਦੀ ਸਮਾਪਤੀ ਤੋਂ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਾਵੇਗੀ ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਗੁਰਮਤਿ ਸਮਾਗਮ ਵਿੱਚ ਆਪਣੇ ਬੱਚਿਆਂ ਸਮੇਤ ਹਾਜ਼ਰੀਆਂ ਭਰਨ ਦੀ ਬੇਨਤੀ ਕੀਤੀ ਜਾਂਦੀ ਹੈ ਸਮਾਪਤੀ ਮੌਕੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ 9ਇਸ ਮੌਕੇ ਖਜ਼ਾਨਚੀ ਦਵਿੰਦਰਪਾਲ ਸਿੰਘ , ਮੈਂਬਰ ਸੁਰਿੰਦਰਪਾਲ ਸਿੰਘ , ਮੈਂਬਰ ਮਨਜਿੰਦਰ ਸਿੰਘ , ਬਿਕਰਮਜੀਤ ਸਿੰਘ ਆਦਿ ਹਾਜ਼ਰ ਸਨ ।



## ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਐਥਲੈਟਿਕ ਤੇ ਤੀਰ ਅੰਦਾਜ਼ੀ ਅਕਾਦਮੀਆਂ ਦਾ ਸ਼ਾਨਦਾਰ ਆਗਾਜ਼

ਤਲਵੰਡੀ ਸਾਬੋ, 27 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸਰੀਰਿਕ ਤੰਦਰੁਸਤੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਨ ਵਾਸਤੇ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਦੀ ਪ੍ਰੇਰਣਾ ਅਤੇ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਦੀ ਰਹਿ-ਨੁਮਾਈ ਹੇਠ 'ਵਰਸਿਟੀ ਦੇ ਨਵੇਂ ਖੇਡ ਮੈਦਾਨ ਵਿਖੇ ਮੁੱਖ ਮਹਿਮਾਨ ਓਲੰਪੀਅਨ ਕਮਲਪ੍ਰੀਤ ਕੌਰ ਵੱਲੋਂ ਅਥਲੈਟਿਕ ਅਤੇ ਤੀਰ ਅੰਦਾਜ਼ੀ ਦੀਆਂ ਅਕਾਦਮੀਆਂ ਦਾ ਉਦਘਾਟਨ ਟਾਰਗੇਟ ਤੇ ਨਿਸ਼ਾਨਾ ਲਗਾ ਕੇ ਸ਼ਾਨਦਾਰ ਸਮਾਰੋਹ ਵਿੱਚ ਕੀਤਾ ਗਿਆ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਡਾ. ਬਾਵਾ ਨੇ ਕਿਹਾ ਕਿ ਲੋਕਾਂ ਨੂੰ ਸਿਹਤ ਅਤੇ ਖੇਡਾਂ ਪ੍ਰਤੀ ਜਾਗਰੂਕ ਕਰਨ ਲਈ ਇਹਨ੍ਹਾਂ ਅਕਾਦਮੀਆਂ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਵਰਸਿਟੀ ਖਿਡਾਰੀਆਂ ਦੀਆਂ ਪ੍ਰਾਪਤੀਆਂ ਦੀ ਗੱਲ ਕਰਦਿਆਂ ਕਿਹਾ ਕਿ ਇਨ੍ਹਾਂ ਅਕਾਦਮੀਆਂ ਨਾਲ ਇਲਾਕੇ ਦੇ ਨੌਜਵਾਨਾਂ ਨੂੰ ਗੁਰੂ ਕਾਸ਼ੀ ਯੂਨੀਵਰਸਿਟੀ ਨਾਲ ਜੁੜਨ ਅਤੇ ਆਪਣੇ ਖੇਡ ਕੌਸ਼ਲ ਨੂੰ ਨਿਖਾਰਨ ਦਾ ਮੌਕਾ ਮਿਲੇਗਾ। ਨੌਜਵਾਨਾਂ ਦੇ ਖੇਡਾਂ ਵਿੱਚ ਹਿੱਸਾ ਲੈਣ ਕਾਰਨ ਨਸ਼ੇ ਦੀ ਨਾਮੁਰਾਦ ਬਿਮਾਰੀ ਨੂੰ ਠੱਲ ਪਾਉਣ ਵਿੱਚ ਮਦਦ ਮਿਲੇਗੀ। ਮੁੱਖ ਮਹਿਮਾਨ ਕਮਲਪ੍ਰੀਤ ਨੇ ਲੜਕੀਆਂ ਨੂੰ ਖੇਡਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਤੇ ਆਪਣੀ ਟੀਚੇ ਹਾਸਿਲ ਕਰਨ ਲਈ ਉਨ੍ਹਾਂ ਖਿਡਾਰੀਆਂ ਨੂੰ ਖੇਡ ਮੈਦਾਨ ਵਿੱਚ ਪੱਕੇ ਇਰਾਦੇ ਨਾਲ ਲਗਾਤਾਰ ਅਭਿਆਸ ਕਰਨ ਦੀ ਸਲਾਹ ਵੀ ਦਿੱਤੀ। ਵਿਸ਼ੇਸ਼ ਮਹਿਮਾਨ ਡਾ. ਜਗਤਾਰ ਸਿੰਘ ਧੀਮਾਨ ਪਰੋ. ਵਾਈਸ ਚਾਂਸਲਰ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ ਵਿੱਚ ਰਹਿਣ ਅਤੇ ਸਮੇਂ ਦੀ ਕਦਰ ਕਰਨ ਵਾਲਾ ਇਨਸਾਨ ਬਣਾਉਂਦੀਆਂ ਹਨ। ਉਨ੍ਹਾਂ ਖਿਡਾਰੀਆਂ ਨੂੰ ਸ਼ਰੀਰਿਕ ਤੌਰ 'ਤੇ ਤੰਦਰੁਸਤ, ਮਾਨਸਿਕ ਤੌਰ 'ਤੇ ਸਜਗ ਅਤੇ ਆਤਮਿਕ ਤੌਰ 'ਤੇ ਜਾਗਰੂਕ ਰਹਿਣ ਦੀ ਸਲਾਹ ਦਿੱਤੀ ਅਤੇ ਆਪਣੇ ਅੰਤਰ ਮਨ ਦੀ ਸ਼ਕਤੀ ਅਨੁਸਾਰ ਮਾਰਕੇ ਮਾਰਨ ਦਾ ਮਸ਼ਵਰਾ ਸਾਂਝਾ ਕੀਤਾ। ਇਸ ਮੌਕੇ ਡਾ. ਬਲਵਿੰਦਰ ਕੁਮਾਰ ਸ਼ਰਮਾ ਡਾਇਰੈਕਟਰ ਸਪੋਰਟਸ, ਸ. ਸਰਦੂਲ ਸਿੰਘ ਸਿੱਧੂ ਡਾਇਰੈਕਟਰ ਵਿਦਿਆਰਥੀ ਭਲਾਈ, ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰਾਂ, ਵਰਸਿਟੀ ਦੇ ਸਮੂਹ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਬਹੁ-ਪੱਖੀ ਸ਼ਖ਼ਸ਼ੀਅਤ ਵਿਕਾਸ ਦਾ ਸੰਦੇਸ਼ ਦਿੰਦੇ ਹੋਏ ਇਹ ਸਮਾਰੋਹ ਸਮਾਪਤ ਹੋਇਆ।

### ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ

## ਵਿਸ਼ਵ ਧਰਤੀ ਦਿਵਸ ਮਨਾਇਆ ਗਿਆ

**ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਕਿਹਾ ਕਿ ਸਾਨੂੰ ਆਪਣੀ ਧਰਤੀ ਨੂੰ ਹਰਾ ਭਰਾ ਰੱਖਣ ਲਈ ਵੱਧ ਤੋਂ ਵੱਧ ਦਰੱਖਤ ਲਗਾਉਣੇ ਚਾਹੀਦੇ ਹਨ ਅਤੇ ਦਰੱਖਤ ਲਗਾ ਕੇ ਉਨ੍ਹਾਂ ਦੀ ਪਾਲਣਾ ਕਰਨੀ ਚਾਹੀਦੀ ਹੈ...**







ਫ਼ਿਰੋਜ਼ਪੁਰ, 27 ਅਪ੍ਰੈਲ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਇਸ ਸਮਾਗਮ ਵਿਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲੈਂਦਿਆਂ ਵਿੱਦਿਆਰਥੀਆਂ ਦੇ ਚਾਰਟ ਮੁਕਾਬਲੇ ਕਰਵਾਏ ਗਏ। ਇਸ ਮੌਕੇ ਧਰਤੀ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਭਾਸ਼ਣ ਮੁਕਾਬਲੇ ਕਰਵਾਏ ਗਏ। ਸਮਾਗਮ ਦੌਰਾਨ ਸਾਇੰਸ ਅਧਿਆਪਕ ਮੈਡਮ ਸਿਮਰਨਜੀਤ ਕੌਰ ਵੱਲੋਂ ਵਿਸ਼ਵ ਧਰਤੀ ਦਿਵਸ ਤੇ ਬੋਲਦਿਆਂ ਵਿਦਿਆਰਥੀਆਂ ਨੂੰ ਦੱਸਿਆ ਕਿ ਅਸੀਂ ਕਿਸ ਤਰ੍ਹਾਂ ਧਰਤੀ ਦਾ ਨੁਕਸਾਨ ਕਰ ਰਹੇ ਹਾਂ, ਕਿਸ ਤਰ੍ਹਾਂ ਅਸੀਂ ਧਰਤੀ ਦੇ ਅੰਦਰ ਜਹਿਰ ਭੇਜ ਰਹੇ ਹਾਂ, ਜਿਸ ਨਾਲ ਸਾਨੂੰ ਆਉਣ ਵਾਲੇ ਸਮੇਂ ਵਿੱਚ ਬਹੁਤ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪਵੇਗਾ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਕਿਹਾ ਕਿ ਸਾਨੂੰ ਆਪਣੀ ਧਰਤੀ ਨੂੰ ਹਰਾ ਭਰਾ ਰੱਖਣ ਲਈ ਵੱਧ ਤੋਂ ਵੱਧ ਦਰੱਖਤ ਲਗਾਉਣੇ ਚਾਹੀਦੇ ਹਨ ਅਤੇ ਦਰੱਖਤ ਲਗਾ ਕੇ ਉਨ੍ਹਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਹਰੇਕ ਵਿਦਿਆਰਥੀ ਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਆਪਣੇ ਜਨਮ ਦਿਨ ਵਾਲੇ ਦਿਨ ਇੱਕ ਦਰੱਖਤ ਜਰੂਰ ਲਗਾਉਣ ਅਤੇ ਉਹਦੀ ਪਰਵਰਿਸ਼ ਕਰਨ ਤਾਂ ਜੋ ਇਸ ਧਰਤੀ ਨੂੰ ਹਰਾ ਭਰਿਆ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਅੱਜ ਦੇ ਮਾਡਰਨ ਜੀਵਨ ਵਿੱਚ ਆਪਣੀਆਂ ਲੋੜਾਂ ਨੂੰ ਪੂਰਾ ਕਰਨ ਲਈ ਦਰਖਤਾਂ ਦੀ ਕਟਾਈ ਬਹੁਤ ਜ਼ੋਰਾਂ ਤੇ ਕੀਤੀ ਜਾ ਰਹੀ ਹੈ, ਜਿੰਨੀ ਕਟਾਈ ਕੀਤੀ ਜਾ ਰਹੀ ਹੈ ਉਸ ਦੇ ਮੁਕਾਬਲੇ ਦਰੱਖਤ ਨਹੀਂ ਲਗਾਏ ਜਾ ਰਹੇ ਇਸ ਲਈ ਬਿਮਾਰੀਆਂ ਦਾ ਪਸਾਰਾ ਵੱਧਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ੁੱਧ ਹਵਾਂ ਅਤੇ ਆਕਸੀਜਨ ਦੀ ਘਾਟ ਕਾਰਨ ਸਾਹ ਦੀਆਂ ਬਿਮਾਰੀਆਂ ਸੁਭਾਵਿਕ ਹਨ ਜੇਕਰ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਤੰਦ—ਸਤ ਰੱਖਣਾ ਹੈ ਤਾਂ ਦਰਖਤਾਂ ਦੀ ਕਟਾਈ ਤੇ ਰੋਕ ਲਗਾ ਕੇ ਹਜ਼ਾਰਾਂ ਗੁਣਾਂ ਦਰੱਖਤ ਲਗਾਉਣੇ ਹੋਣਗੇ। ਇਸ ਮੌਕੇ ਮਾਸਟਰ ਬਲਰਾਜ ਸਿੰਘ, ਮੈਡਮ ਅਨੁਰਾਧਾ, ਮੈਡਮ ਸਵਿਤਾ, ਮੈਡਮ ਸਿਮਰਨਜੀਤ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

## ਸੇਵਾ ਮੁਕਤ ਵਣ ਮੁਲਾਜ਼ਮਾਂ ਦੇ ਬਣਦੇ ਸੇਵਾ ਲਾਭ ਤੁਰੰਤ ਦਿੱਤੇ ਜਾਣ: ਧਾਲੀਵਾਲ

ਫ਼ਿਰੋਜ਼ਪੁਰ, 27 ਅਪ੍ਰੈਲ (ਮਨੋਹਰ ਲਾਲ) : ਮੁਲਾਜ਼ਮ ਸਾਥੀਆਂ ਦੀ ਅਗਵਾਈ ਕਰਦੇ ਆ ਰਹੇ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਨੇ ਕਿਹਾ ਕਿ ਪੰਜਾਬ ਫੋਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਸਰਕਲ ਕਮੇਟੀ ਫਿਰੋਜ਼ਪੁਰ ਦੇ ਮੈਂਬਰ ਸੇਵਾ ਮੁਕਤ ਫੋਰੇਸਤੇਰ ਮੋਗਾ ਦੀਆਂ ਬਕਾਇਆ ਰਹਿੰਦੀਆਂ ਸਲਾਨਾ ਅਤੇ ਏ.ਸੀ.ਪੀ ਤਰੱਕੀਆਂ ਬਹੁਤ ਸਾਲਾਂ ਤੋਂ ਬਕਾਇਆ ਚੱਲ ਰਹੀਆਂ ਸਨ, ਜਿਸ ਬਾਰੇ ਸ੍ਰੀ ਬਚਿੱਤਰ ਸਿੰਘ ਨੇ ਵਿਭਾਗ ਨੂੰ ਲਿਖਤੀ ਅਤੇ ਜ਼ਬਾਨੀ ਬਹੁਤ ਵਾਰੀ ਬੇਨਤੀਆਂ ਕੀਤੀਆਂ ਸਨ ਅਤੇ ਪੰਜਾਬ ਫੋਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਧਿਆਨ ਵਿਚ ਵੀ ਲਿਆਂਦਾ ਤਾਂ ਐਸੋਸੀਏਸ਼ਨ ਨੇ ਤੁਰੰਤ ਵਣ ਪਾਲ ਦਫਤਰ ਫਿਰੋਜ਼ਪੁਰ ਦੇ ਪ੍ਰਬਧਕੀ ਅਫ਼ਸਰ ਅਤੇ ਫਿਰ ਵਣ ਪਾਲ ਸ੍ਰੀ ਨਰੇਸ਼ ਮਹਾਜਨ ਨਾਲ ਸਬੰਧਤ ਕੇਸ ਬਾਰੇ ਮੀਟਿੰਗ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਦੌਰਾਨ ਬਚਿੱਤਰ ਸਿੰਘ ਰਿਟਾਇਰਡ ਬਲਾਕ ਅਫ਼ਸਰ ਦੀਆ ਇੰਕਰੀਮੈਂਟ ਬਾਰੇ ਵਿਚਾਰ ਵਟਾਂਦਰਾ ਕੀਤਾ ਤਾਂ ਵਣ ਪਾਲ ਦਫਤਰ ਫਿਰੋਜ਼ਪੁਰ ਵਲੋਂ ਵਣ ਮੰਡਲ ਫਿਰੋਜ਼ਪੁਰ ਨੂੰ ਹਦਾਇਤ ਕੀਤੀ ਅਤੇ ਸਮੇਂ ਸਿਰ ਕਾਰਵਾਈ ਦੇ ਨਤੀਜੇ ਵਜੋਂ ਸ੍ਰੀ ਬਚਿੱਤਰ ਸਿੰਘ ਨੂੰ ਬਣਦੇ ਸਮੇਂ ਤੋਂ ਦੋ ਤਰੱਕੀਆਂ ਲਗਾਈਆ ਗਈਆਂ, ਜਲਦੀ ਹੀ ਇਸ ਦਾ ਬਣਦਾ ਬਕਾਇਆ ਜਾਰੀ ਕੀਤਾ ਜਾ ਸਕਦਾ ਹੈ। ਪੰਜਾਬ ਫੋਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵਣ ਵਿਭਾਗ ਦੇ ਅਧਿਕਾਰੀ ਸਾਹਿਬਾਨ ਨੂੰ ਅਪੀਲ ਕਰਦੀ ਹੈ ਕਿ ਸੇਵਾ ਮੁਕਤ ਵਣ ਮੁਲਾਜ਼ਮਾਂ ਦੇ ਬਣਦੇ ਸੇਵਾ ਲਾਭ ਤੁਰੰਤ ਦਿੱਤੇ ਜਾਣ ਅਤੇ ਲੰਮੇ ਸਮੇਂ ਤੋਂ ਚੱਲ ਰਹੀਆਂ ਅਪੀਲਾਂ ਦੇ ਰਿਕਾਰਡ ਦੇ ਅਧਾਰ ਉਤੇ ਸਮਾਂਬੰਧ ਨਿਪਟਾਰੇ ਕੀਤੇ ਜਾਣ ਤਾਂ ਕਿ ਸਬੰਧਤ ਪੈਨਸ਼ਨਰਜ਼ ਨੂੰ ਦਫਤਰਾਂ ਵਿੱਚ ਗੇੜੇ ਨਾ ਮਾਰਨੇ ਪੈਣ।

## ਦਿੱਲੀ ਗੁਰਦੁਆਰਾ ਕਮੇਟੀ ਦੇ 7 ਮੈਂਬਰ ਭਾਜਪਾਈ ਬਣੇ ਸਰਨਾ ਨੇ ਦਿੱਲੀ ਗੁਰਦੁਆਰਾ ਕਮੇਟੀ ਛੱਡਣ ਅਤੇ ਨਵੇਂ ਸਿਰੇ ਤੋਂ ਚੋਣਾਂ ਲੜਨ ਦੀ ਦਿੱਤੀ ਚੁਣੌਤੀ



ਨਵੀਂ ਦਿੱਲੀ, 27 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਨ੍ਹਾਂ ਮੈਂਬਰਾਂ ਨੂੰ ਸਖ਼ਤ ਤਾੜਨਾ ਕੀਤੀ ਜਿਨ੍ਹਾਂ ਨੇ ਡੀਐਸਜੀਐਮਸੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਉਨ੍ਹਾਂ ਦੇ ਡੀ-ਫੈਕਟੋ ਬੌਸ ਐਮਐਸ ਸਿਰਸਾ ਦੀ ਅਗਵਾਈ ਵਾਲੇ ਆਪਣੇ ਨਕਲੀ-ਅਕਾਲੀ ਦਲ ਨੂੰ ਛੱਡ ਕੇ ਰਸਮੀ ਤੌਰ 'ਤੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ ਹਨ । ਉਨ੍ਹਾਂ ਵਲੋਂ ਜਾਰੀ ਕੀਤੇ ਗਏ ਬਿਆਨ ਵਿਚ ਸਰਨਾ ਨੇ ਇਨ੍ਹਾਂ ਦੇ ਦੋਗਲੇ ਸੁਭਾਅ ਨੂੰ ਰੇਖਾਂਕਿਤ ਕੀਤਾ, ਜਿਨ੍ਹਾਂ ਨੇ ਪਹਿਲਾਂ ਵੀ ਭਾਜਪਾ ਵਿਚ ਸ਼ਾਮਲ ਹੋਣ 'ਤੇ ਇਸ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਅਕਾਲੀ ਨਾਮ ਨੂੰ ਅਪਣਾ ਕੇ ਸਿੱਖ ਕੌਮ ਨੂੰ ਧੋਖਾ ਦੇਣ ਦੀ ਕੋਸ਼ਿਸ਼ ਕੀਤੀ ਸੀ। ਸਰਨਾ ਨੇ ਡੀਐਸਜੀਐਮਸੀ ਦੇ ਨੁਮਾਇੰਦਿਆਂ ਨੂੰ ਸਿੱਖ ਭਾਈਚਾਰੇ ਵਿੱਚ ਖਾਸ ਤੌਰ 'ਤੇ ਭਾਜਪਾ ਨਾਲ ਗੱਠਜੋੜ ਕਰਨ ਤੋਂ ਬਾਅਦ ਆਪਣੇ ਸਟੈਂਡ ਦੀ ਸਵੈ-ਪੜਚੋਲ ਕਰਨ ਦੀ ਚੁਣੌਤੀ ਦਿੱਤੀ। ਸਰਨਾ ਨੇ ਉਹਨਾਂ ਨੂੰ ਆਪਣੀ ਡੀਐਸਜੀਐਮਸੀ ਦੀ ਮੈਂਬਰਸ਼ਿਪ ਤਿਆਗਣ ਅਤੇ ਸਿੱਖ ਵੋਟਾਂ ਮੰਗਣ ਲਈ ਨਵੇਂ ਸਿਰੇ ਤੋਂ ਚੋਣ ਮੈਦਾਨ ਵਿੱਚ ਉਤਰਨ ਲਈ ਕਿਹਾ, ਅਤੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਵਾਸ਼ਿੰਗ ਮਸ਼ੀਨ ਵਿੱਚ ਆਪਣੇ ਆਪ ਨੂੰ ਧੋਖੇਬਾਜ਼ੀ ਅਤੇ ਭ੍ਰਿਸ਼ਟਾਚਾਰ ਤੋਂ ਸਾਫ਼ ਕਰਨ ਦੀਆਂ ਉਹਨਾਂ ਦੀਆਂ ਕੋਸ਼ਿਸ਼ਾਂ ਵਿਅਰਥ ਸਾਬਤ ਹੋਣਗੀਆਂ। ਸਰਨਾ ਨੇ ਭਾਜਪਾ ਨੂੰ ਸਿੱਖ ਧਾਰਮਿਕ ਮਾਮਲਿਆਂ ਵਿੱਚ ਇਸ ਦੇ ਘੇਰੇ ਵਿਰੁੱਧ ਵੀ ਸੁਚੇਤ ਕਰਦਿਆਂ ਚੇਤਾਵਨੀ ਦਿੱਤੀ ਕਿ ਦਿੱਲੀ ਤੋਂ ਨਾਂਦੇੜ ਤੱਕ ਅਜਿਹੇ ਦਖਲ-ਅੰਦਾਜ਼ੀ ਸਿੱਖ ਭਾਈਚਾਰੇ ਦੁਆਰਾ ਮਹਿਸੂਸ ਕੀਤੀ ਗਈ ਬੇਗਾਨਗੀ ਨੂੰ ਵਧਾ ਰਹੇ ਹਨ।

# ਇੱਕ ਨਜ਼ਰ



## ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਨੌਜਵਾਨ ਆਪ ਮੁਹਾਰੇ ਕਰ ਰਹੇ ਹਨ ਸਪੋਰਟ

ਅੰਮ੍ਰਿਤਸਰ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ) ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਚੋਣ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਨੌਜਵਾਨ ਵਰਗ ਆਪ ਮੁਹਾਰੇ ਭਾਜਪਾ ਉਮੀਦਵਾਰ ਨੂੰ ਸਮਰਥਨ ਦੇ ਰਹੇ ਹਨ। ਅੱਜ ਭਾਰੀ ਗਿਣਤੀ 'ਚ ਨੌਜਵਾਨਾਂ ਨੇ ਵਾਰਡ ਨੰਬਰ 7 ਸੰਜੇ ਗਾਂਧੀ ਕਾਲੋਨੀ ਨਵੀਂ ਆਬਾਦੀ ਦੇ ਵਸਨੀਕ ਤਰਸੇਮ ਸਿੰਘ ਪ੍ਰਧਾਨ ਅਤੇ ਫ੍ਰੇਡੀ ਦੀ ਅਗਵਾਈ ਵਿਚ ਸਮੁੰਦਰੀ ਹਾਊਸ ਵਿਖੇ ਪਹੁੰਚ ਕੇ ਗੁਰਕੀਰਤ ਸਿੰਘ ਢਿੱਲੋਂ ਦੀ ਮੌਜੂਦਗੀ ਵਿੱਚ ਤਰਨਜੀਤ ਸਿੰਘ ਸੰਧੂ ਨੂੰ ਭਾਰੀ ਵੋਟਾਂ ਨਾਲ ਜਿੱਤ ਦਿਵਾਉਣ ਦਾ ਭਰੋਸਾ ਦਿੱਤਾ। ਨੌਜਵਾਨ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਪੰਜਾਬੀਆਂ ਨੂੰ ਠਗਿਆ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਕਿਹਾ ਕਰਦੇ ਸਨ ਕਿ 'ਨਾ ਅਸੀਂ ਗੱਡੀ ਲਾਵਾਂਗੇ ਨਾ ਕੋਈ ਸੱਤਾ ਦਾ ਲਾਭ ਲਵਾਂਗੇ ਔਰ ਇਹ ਵੀ ਕਿਹਾ ਕਿ ਇਹ ਪਾਰਟੀ ਇਸ ਲਈ ਬਣੀ ਹੈ ਕਿ ਸੱਤਾ ਨੂੰ ਧਨ ਤੋਂ ਦੂਰ ਰੱਖਿਆ ਜਾਏ ਔਰ ਉਸ ਤੋਂ ਬਾਅਦ ਅੱਜ ਉਹੀ ਅਰਵਿੰਦ ਕੇਜਰੀਵਾਲ ਮੌਕਾ ਪ੍ਰਸਤ ਬਣ ਕੇ ਤੇ ਸਾਰੇ ਅੰਨ੍ਹਾ ਹਜ਼ਾਰੇ ਦੇ ਸਿਧਾਂਤਾਂ ਨੂੰ ਭੁੱਲ ਕੇ ਦਿੱਲੀ ਦੇ ਮੁੱਖ ਮੰਤਰੀ ਬਣ ਗਏ । ਔਰ ਤੁਸੀਂ ਦੇਖੋ ਜਦੋਂ ਉਹਨਾਂ ਦੇ ਮੁਢਲੇ ਮੈਂਬਰ ਜਿਨ੍ਹਾਂ 'ਚ ਸੁਪਰੀਮ ਕੋਰਟ ਦੇ ਵਕੀਲ ਪ੍ਰਸ਼ਾਂਤ ਭੂਸ਼ਨ, ਪ੍ਰਸਿੱਧ ਕਵੀ ਕੁਮਾਰ ਵਿਸ਼ਵਾਸ ਅਤੇ ਜੋਗਿੰਦਰ ਯਾਦਵ ਵਰਗੇ ਲੋਕਾਂ ਨੇ ਜਦੋਂ ਦੇਖਿਆ ਕਿ ਇੱਥੇ ਸਿਧਾਂਤ ਕਤਲ ਹੋ ਰਿਹਾ ਹੈ ਅਤੇ ਇਹਨਾਂ ਲੋਕਾਂ ਨੇ ਭ੍ਰਿਸ਼ਟਾਚਾਰ ਕਰਨਾ ਸ਼ੁਰੂ ਕਰ ਦਿੱਤਾ ਹੈ, ਅਰਵਿੰਦ ਕੇਜਰੀਵਾਲ ਨੂੰ ਉਸੇ ਵੇਲੇ ਛੱਡ ਕੇ ਅਲੱਗ ਹੋ ਗਏ। ਕੋਈ ਵੀ ਸਾਫ਼ਗੋ ਬੰਦਾ ਇਸ ਭ੍ਰਿਸ਼ਟਾਚਾਰੀ ਆਮ ਆਦਮੀ ਪਾਰਟੀ ਨਾਲ ਜੁੜਿਆ ਨਹੀਂ ਰਹਿਣਾ ਚਾਹੁੰਦਾ। ਬਹੁਤ ਲੋਕ ਇਹਨਾਂ ਦੇ ਐੱਮ ਪੀ ਵੀ ਛੱਡ ਗਏ। ਇਹ ਬਿਲਕੁਲ ਝੂਠੇ ਨੇ, ਤੁਸੀਂ ਅੱਜ ਦੇਖਿਆ ਕਿ ਜਿਹੜਾ ਸ਼ਰਾਬ ਦਾ ਵੱਡਾ ਸਕੈਂਡਲ ਅਰਵਿੰਦ ਕਾਰ ਕੇਜਰੀਵਾਲ ਔਰ ਉਹਨਾਂ ਦੇ ਸਾਥੀਆਂ ਨੇ ਕੀਤਾ, ਜਿਹਦੇ ਵਿੱਚ ਮੁੱਖ ਮੰਤਰੀ ਰਾਸ਼ਟਰੀ ਅਧਿਅਕਸ਼ ਆਮ ਆਦਮੀ ਪਾਰਟੀ ਦੇ ਅਰਵਿੰਦ ਕੇਜਰੀਵਾਲ ਜੇਲ੍ਹ ਦੇ ਵਿੱਚ ਹਨ। ਉਪ ਮੁੱਖ ਮੰਤਰੀ ਮਨੀਸ਼ ਸ਼ਸੋਦੀਆ, ਸਤਿੰਦਰ ਜੈਨ ਜੇਲ੍ਹ 'ਚ ਬੈਠੇ ਹਨ। ਉਨ੍ਹਾਂ ਕਿਹਾ ਕਿ ਆਪ ਨੂੰ ਲੋਕ ਹੁਣ ਮੂੰਹ ਨਹੀਂ ਲਗਾਉਣਗੇ। ਇਸ ਮੌਕੇ ਅਸ਼ੋਕ, ਪਹਿਲੀਂਨ, ਮਾਨਵ, ਸੰਜੀਵ, ਮੰਨ, ਸ਼ਰਨ ਅਤੇ ਕਰਨ ਆਦਿ ਸੱਜਣਾਂ ਨੇ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਮੋਦੀ ਪਰਿਵਾਰ 'ਚ ਸ਼ਾਮਿਲ ਹੋ ਕੇ ਤਰਨਜੀਤ ਸਿੰਘ ਸੰਧੂ ਨੂੰ ਸਮਰਥਨ ਅਤੇ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।

## 2027 ਨੂੰ ਅੰਮ੍ਰਿਤਸਰ ਦੇ ਗਾਂਧੀ ਗਰਾਊਂਡ ਵਿਖੇ ਘਰੇਲੂ ਕ੍ਰਿਕਟ ਪ੍ਰਤੀਯੋਗਤਾ ਇੰਡੀਅਨ ਪ੍ਰੀਮੀਅਰ ਲੀਗ (ਆਈ.ਪੀ.ਐੱਲ.) ਕਰਾਈ ਜਾਵੇਗੀ - ਤਰਨਜੀਤ ਸਿੰਘ ਸੰਧੂ ਸਮੁੰਦਰੀ



ਅੰਮ੍ਰਿਤਸਰ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਜਪਾ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ 2027 ਵਿਚ ਅੰਮ੍ਰਿਤਸਰ ਸਾਹਿਬ ਦੇ ਗਾਂਧੀ ਗਰਾਊਂਡ ਵਿਖੇ ਘਰੇਲੂ ਕ੍ਰਿਕਟ ਪ੍ਰਤੀਯੋਗਤਾ ਇੰਡੀਅਨ ਪ੍ਰੀਮੀਅਰ ਲੀਗ (ਆਈ.ਪੀ.ਐੱਲ.) ਕਰਾਈ ਜਾਵੇਗੀ। ਜਿਸ ਵਿੱਚ ਭਾਰਤ ਦੇ ਵੱਖ-ਵੱਖ ਸ਼ਹਿਰਾਂ ਦੀਆਂ ਨਾਮਜ਼ਦ ਟੀਮਾਂ ਭਾਗ ਲੈਣਗੀਆਂ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਖੇਡਾਂ ਵਿਚ ਨੰਬਰ ਵਨ ਸੀ, ਜੋ ਹੁਣ ਨਹੀਂ ਰਿਹਾ ਹੈ। ਜਦੋਂ ਕਿ ਮੈਨੂੰ ਯਾਦ ਹੈ ਕਿ ਮੈਂ ਬਚਪਨ ਵਿਚ ਇਸੇ ਗਾਂਧੀ ਗਰਾਊਂਡ ਵਿਚ ਵੱਡੇ ਵੱਡੇ ਕ੍ਰਿਕਟ ਪਲੇਅਰਾਂ ਨੂੰ ਕ੍ਰਿਕਟ ਖੇਡ ਦਿਆਂ ਨੂੰ ਦੇਖਿਆ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਨੂੰ ਖੇਡਾਂ ਦੇ ਖੇਤਰ ਵਿਚ ਇਸ ਦਾ ਪਹਿਲੇ ਵਾਲਾ ਮੁਕਾਮ ਮੁੜ ਦਿਵਾਇਆ ਜਾਵੇਗਾ। ਸੰਧੂ ਸਮੁੰਦਰੀ ਸੀਨੀਅਰ ਭਾਜਪਾ ਆਗੂ ਗੁਰਪ੍ਰਤਾਪ ਸਿੰਘ ਟਿੱਕਾ ਦੀ ਪ੍ਰੇਰਣਾ ਸਕਦਾ ਅਕਾਲੀ ਦਲ ਦਾ ਪੱਲਾ ਛੱਡ ਕੇ ਭਾਜਪਾ ਪਰਿਵਾਰ ਵਿਚ ਸ਼ਾਮਿਲ ਹੋਏ ਸਵਰਨ ਸਿੰਘ, ਗੁਰਮੀਤ ਸਿੰਘ, ਸੁਖਵਿੰਦਰ ਸਿੰਘ, ਗੁਰਦੇਵ ਸਿੰਘ, ਸਤਨਾਮ ਸਿੰਘ, ਹਰਪਾਲ ਸਿੰਘ ਦਾ ਸਵਾਗਤ ਕਰ ਰਹੇ ਸਨ । ਨਵੇਂ ਆਏ ਵਿਅਕਤੀਆਂ ਨੇ ਭਾਜਪਾ ਦੀਆਂ ਨੀਤੀਆਂ ਪ੍ਰਤੀ ਆਪਣੀ ਸਹਿਮਤੀ ਜਤਾਈ। ਸੰਧੂ ਨੇ ਆਏ ਹੋਏ ਸੱਜਣਾਂ ਨੂੰ ਭਰੋਸਾ ਦਿਤਾ ਕਿ ਮੋਦੀ ਪਰਿਵਾਰ ਵਿੱਚ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਹਮੇਸ਼ਾ ਦਿੱਤਾ ਜਾਵੇਗਾ। ਸੰਧੂ ਨੇ ਇਸ ਮੌਕੇ ਕਿਹਾ ਕਿ ਗੁਰੂ ਨਗਰੀ ਤੋਂ ਜਿੱਤੇ ਕਿਸੇ ਵੀ ਲੋਕ ਪ੍ਰਤੀਨਿਧ ਨੇ ਖੇਡਾਂ ਨੂੰ ਉਤਸ਼ਾਹ ਕਰਨ ਵਲ ਧਿਆਨ ਨਹੀਂ ਦਿੱਤਾ, ਨਾ ਹੀ ਆਪ ਸਰਕਾਰ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੋਈ ਉਪਰਾਲਾ ਹੁਣ ਤਕ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਗੁਰੂ ਅੰਗਦ ਦੇਵ ਜੀ ਆਪਣੇ ਸਿੱਖਾਂ ਦੀ ਨਰੋਈ ਸਿਹਤ ਵੱਲ ਖ਼ਾਸ ਧਿਆਨ ਦਿੰਦੇ ਹੋਏ ਅਖਾੜੇ ਬਣਾਏ ਅਤੇ ਸਿੱਖਾਂ ਨੂੰ ਕੁਸ਼ਤੀ ਅਤੇ ਖੇਡਾਂ ਵੱਲ ਪ੍ਰੇਰਿਆ। ਉੱਥੇ ਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਤਾਂ ਅਕਾਲ ਤਖ਼ਤ ਸਾਹਿਬ ਦੀ ਉਸਾਰੀ ਉਪਰੰਤ ਅੰਮ੍ਰਿਤਸਰ 'ਚ ਸਿੱਖਾਂ ਵਿਚ ਸੈਨਿਕ ਬਿਰਤੀ ਦਾ ਸੰਚਾਰ ਕਰਨ ਲਈ ਨਾ ਕੇਵਲ ਅਖਾੜੇ ਲਵਾਏ ਸਗੋਂ ਸ਼ਸਤਰ ਵੀ ਦੀਆਂ ਦਿੱਤੀ। ਉਨ੍ਹਾਂ ਕਿਹਾ ਕਿ ਮੈਨੂੰ ਇਹ ਗੱਲ ਬੜੇ ਅਫ਼ਸੋਸ ਨਾਲ ਕਹਿਣੀ ਪੈ ਰਹੀ ਹੈ ਕਿ ਸਾਡੀ ਨੌਜਵਾਨ ਪੀੜੀ ਅਮੀਰ ਵਿਰਸੇ ਨੂੰ ਭੁੱਲ ਕੇ ਨਸ਼ਿਆਂ ਵਿਚ ਫਸਦੀ ਜਾ ਰਹੀ ਹੈ। ਨਸ਼ਿਆਂ ਤੋਂ ਛੁਟਕਾਰਾ ਦਿਵਾਉਣ ਅਤੇ ਨੌਜਵਾਨਾਂ ਵਿਚ ਆਤਮਵਿਸ਼ਵਾਸ ਨੂੰ ਜਗਾਉਣ ਲਈ ਖੇਡਾਂ ਵੱਲ ਪ੍ਰੇਰਿਤ ਕਰਨ ਦੀ ਲੋੜ ਹੈ। ਅਜਿਹੇ ਸਮੇਂ ਖੇਡ ਕਲੱਬਾਂ ਦਾ ਰੋਲ ਅਹਿਮ ਬਣ ਜਾ ਦਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਖੇਡਾਂ ਇਕ ਵਧੀਆ ਸਾਧਨ ਹਨ। ਸੰਧੂ ਸਮੁੰਦਰੀ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਅੰਦਰ ਮੁਕਾਬਲੇਬਾਜ਼ੀ ਨੂੰ ਜਗਾਉਂਦੀਆਂ ਹਨ। ਇਨਸਾਨ ਨੂੰ ਜ਼ਿੰਦਗੀ ਵਿਚ ਉੱਚਾ ਉੱਠਣ ਲਈ ਟੀਚਾ ਮਿਥਣਾ ਪੈਂਦਾ ਹੈ ਤੇ ਟੀਚੇ ਨੂੰ ਹਾਸਲ ਕਰਨ ਲਈ ਮਿਹਨਤ ਕਰਨੀ ਪੈਂਦੀ ਹੈ। ਮੈਂ ਇਹ ਸਮਝਦਾ ਹਾਂ ਕਿ ਕੋਈ ਵੀ ਕਾਮਯਾਬ ਖਿਡਾਰੀ ਕਿਸੇ ਤਪੱਸਵੀ ਤੋਂ ਘੱਟ ਨਹੀਂ। ਇਕ ਚੰਗਾ ਮਨ ਚੰਗੇ ਸਰੀਰ ਅੰਦਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਲੋਕ ਉਸ ਨੂੰ ਮੌਕਾ ਦਿੰਦੇ ਹਨ ਤਾਂ ਅੰਮ੍ਰਿਤਸਰ ਵਿਚ ਖੇਡਾਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਖੇਡਾਂ ਰਾਹੀਂ ਪੰਜਾਬ ਦਾ ਨਾਂ ਰੋਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਹਰ ਤਰਾਂ ਦੀ ਸਹੂਲਤ ਪ੍ਰਦਾਨ ਕਰਾਂਗੇ। ਅੰਮ੍ਰਿਤਸਰ ਵਿਚ ਖੇਡ ਇੰਸਟੀਚਿਊਟ ਅਤੇ ਵਿਸ਼ਵ ਪੱਧਰੀ ਆਧੁਨਿਕ ਖੇਲ੍ਹ ਸਟੇਡੀਅਮ ਬਣਾਏ ਜਾਣਗੇ। ਪੇਂਡੂ ਖੇਤਰਾਂ ਵਿਚ ਵੀ ਅਜਿਹਾ ਹੀ ਕੰਮ ਕੀਤਾ ਜਾਵੇਗਾ। ਹਰੇਕ ਖੇਡ ਕਲੱਬ ਨੂੰ ਖੇਡਾਂ ਦਾ ਸਮਾਨ ਅਤੇ ਗ੍ਰਾਂਟ ਦਿੱਤੀ ਜਾਵੇਗੀ। ਅਸੀਂ ਇਹ ਯਕੀਨੀ ਬਣਾਵਾਂਗੇ ਕਿ ਨੌਜਵਾਨ ਖੇਡਾਂ ਨੂੰ ਕੈਰੀਅਰ ਦੇ ਤੌਰ 'ਤੇ ਅਪਣਾਉਣ।

### ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅਜਨਾਲਾ ਦੇ ਸ਼ਿਵ ਮੰਦਰ ਵਿਖੇ ਮੱਥਾ ਟੇਕਿਆ

# ਪ੍ਰਧਾਨ ਮੰਤਰੀ ਮੋਦੀ ਵੱਲੋਂ ਅਯੁੱਧਿਆ 'ਚ ਰਾਮ ਮੰਦਰ ਦੀ ਉਸਾਰੀ ਕਰਾਉਣ ਨਾਲ ਸਾਡੀ ਸੰਸਕ੍ਰਿਤੀ ਮੁੜ ਸੁਰਜੀਤ ਹੋਈ ਹੈ: ਤਰਨਜੀਤ ਸਿੰਘ ਸੰਧੂ ਸਮੁੰਦਰੀ

■ ਸ. ਤਰਨਜੀਤ ਸਿੰਘ ਸੰਧੂ ਇਸ ਮੌਕੇ ਬਾਹਰ ਦੁਕਾਨਦਾਰਾਂ ਨੂੰ ਵੀ ਮਿਲੇ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸਿਆਸੀ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਇੰਨੇ ਭ੍ਰਿਸ਼ਟ, ਸੁਆਰਥੀ....









ਅਜਨਾਲਾ, ਅੰਮ੍ਰਿਤਸਰ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅਜਨਾਲਾ ਦੇ ਸ਼ਿਵ ਮੰਦਰ ਵਿਖੇ ਮੱਥਾ ਟੇਕਿਆ। ਉਨ੍ਹਾਂ ਸਰਬੱਤ ਦੇ ਭਲੇ ਅਤੇ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੂੰ ਮੰਦਰ ਕਮੇਟੀ ਦੇ ਪ੍ਰਧਾਨ ਰੂਪ ਲਾਲ ਨੇ ਸਨਮਾਨਿਤ ਕੀਤਾ ਇਸ ਮੌਕੇ ਉਨ੍ਹਾਂ ਨਾਲ ਹਲਕਾ ਅਜਨਾਲਾ ਦੇ ਇੰਚਾਰਜ ਬੋਨੀ ਅਮਰਪਾਲ ਸਿੰਘ ਅਜਨਾਲਾ, ਪ੍ਰਧਾਨ ਰਾਮ ਸ਼ਰਨ, ਸਤਿੰਦਰ ਸਿੰਘ ਮਾਲੋਵਾਲ, ਪ੍ਰਧਾਨ ਬਿਕਰਮ ਬੇਦੀ, ਸੋਰਵ ਸਰੀਨ, ਡਾ. ਦੀਪਕ , ਦੀਪੂ, ਪ੍ਰਦੀਪ ਬੰਟਾ, ਰਕੇਸ਼ ਬੇਦੀ ਵੀ ਮੌਜੂਦ ਸਨ। ਇਸ ਮੌਕੇ ਸ. ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਅਯੁੱਧਿਆ ਵਿੱਚ ਵਿਸ਼ਾਲ ਰਾਮ ਮੰਦਰ ਦੀ ਉਸਾਰੀ ਨਾਲ ਸਾਡੀ ਸੰਸਕ੍ਰਿਤੀ ਪੂਰੇ ਜ਼ੋਰ ਨਾਲ ਮੁੜ ਸੁਰਜੀਤ ਹੋਈ ਹੈ। ਉਨ੍ਹਾਂ ਕਿਹਾ ਕਿ ਯਕੀਨੀ ਤੌਰ 'ਤੇ ਦੇਸ਼ ਦੇ ਲੋਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਤੀਜੀ ਵਾਰ ਵੀ ਚੁਣਨਗੇ ਤਾਂ ਜੋ ਉਹ ਆਪਣੇ ਕੰਮ ਨੂੰ ਸਮਰਪਣ ਦੀ ਭਾਵਨਾ ਨਾਲ ਜਾਰੀ ਰੱਖ ਸਕਣ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਪੰਜਾਬ ਦੇ ਲੋਕ ਵੀ ਅਜਿਹਾ ਚਾਹੁੰਦੇ ਹਨ। ਸ. ਤਰਨਜੀਤ ਸਿੰਘ ਸੰਧੂ ਇਸ ਮੌਕੇ ਬਾਹਰ ਦੁਕਾਨਦਾਰਾਂ ਨੂੰ ਵੀ ਮਿਲੇ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਸਿਆਸੀ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਇੰਨੇ ਭ੍ਰਿਸ਼ਟ, ਸੁਆਰਥੀ, ਹਉਮੈਵਾਦੀ ਅਤੇ ਅਸਫਲ ਸਿਆਸਤਦਾਨ ਕਿਸੇ ਸਾਂਝੀ ਵਿਚਾਰਧਾਰਾ ਜਾਂ ਰਾਸ਼ਟਰ ਸੇਵਾ ਲਈ ਨਹੀਂ, ਸਗੋਂ ਇੱਕ ਅਜਿਹੇ ਵਿਅਕਤੀ ਨੂੰ ਹੇਠਾਂ ਲਿਆਉਣ ਲਈ ਹੱਥ ਪੈਰ ਮਿਲਾ ਰਹੇ ਹਨ ਜਿਸ ਤੋਂ ਉਹ ਡਰਦੇ ਹਨ ਕਿ ਉਹ ਉਨ੍ਹਾਂ ਨੂੰ ਖ਼ਾਕ ਬਣਾ ਦੇਵੇਗਾ, ਜੇਕਰ ਮੋਦੀ ਮੁੜ ਸੱਤਾ 'ਚ ਆਉਂਦੇ ਹਨ ਤਾਂ ਉਹਨਾਂ ਨੂੰ ਆਪਣੇ ਮਾੜੇ ਕੰਮਾਂ ਲਈ ਲੋਕਾਂ ਨੂੰ ਜਵਾਬਦੇਹ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਵਿਰੋਧੀਆਂ ਦਾ ਉਦੇਸ਼ ਵਿਰੋਧ ਕਰਨਾ ਹੀ ਨਹੀਂ ਸਗੋਂ ਵਿਕਾਸ ਦੇ ਸਾਰੇ ਰਸਤੇ ਬੰਦ ਕਰਕੇ ਅਗਾਂਹਵਧੂ ਭਾਰਤੀ ਰਾਸ਼ਟਰ ਨੂੰ ਮੱਧਕਾਲੀ ਯੁੱਗ ਵਿੱਚ ਵਾਪਸ ਲਿਜਾਣ ਲਈ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਪ੍ਰਾਪਤੀਆਂ ਦੇ ਸਨਮੁਖ ਅੱਜ ਪੰਜਾਬ ਦੀ ਵਾਗਡੋਰ ਉਸ ਆਮ ਆਦਮੀ ਪਾਰਟੀ ਦੇ ਹੱਥਾਂ ਵਿੱਚ ਹੈ ਜਿਸ ਦਾ ਸੂਰਜ ਕੌਮੀ ਰਾਜਨੀਤੀ ਵਿਚ ਚੜ੍ਹਨ ਤੋਂ ਪਹਿਲਾਂ ਹੀ ਅਸੱਤ ਹੋ ਚੁਕਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਗ਼ਰੀਬਾਂ, ਹਾਸ਼ੀਏ 'ਤੇ ਪਏ ਲੋਕਾਂ, ਕਿਸਾਨਾਂ, ਔਰਤਾਂ ਅਤੇ ਨੌਜਵਾਨਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਨੂੰ ਲਾਗੂ ਕਰਨ ਦੀ ਜਗਾ ਆਪਣੀ ਮਸ਼ਹੂਰੀ ਨੂੰ ਮੁੱਖ ਰੱਖ ਕੇ ਪੈਸਾ ਖ਼ਰਚ ਕਰ ਰਹੀ ਹੈ। ਸਿਹਤ ਅਤੇ ਪੇਂਡੂ ਵਿਕਾਸ ਲਈ ਕੇਂਦਰੀ ਫ਼ੰਡ ਨੂੰ ਆਮ ਆਦਮੀ ਕਲੀਨਿਕ ਵਰਗਿਆਂ 'ਤੇ ਹੋਰ ਉਦੇਸ਼ਾਂ ਲਈ ਖ਼ਰਚਿਆ ਗਿਆ। ਆਪ ਸਰਕਾਰ ਕਈ ਮਾਮਲਿਆਂ 'ਚ ਕੇਂਦਰ ਨਾਲ ਟਕਰਾਓ ਦੀ ਸਥਿਤੀ ਪੈਦਾ ਕੀਤੀ । ਉਨ੍ਹਾਂ ਅੰਮ੍ਰਿਤਸਰ ਦੇ ਵਿਕਾਸ ਲਈ ਭਾਜਪਾ ਉਮੀਦਵਾਰ ਨੂੰ ਕਮਲ ਦੇ ਫੁੱਲ 'ਤੇ ਮੋਹਰਾਂ ਲਾਕੇ ਕਾਮਯਾਬ ਕਰਨ ਦੀ ਅਪੀਲ ਕੀਤੀ

## ਗੁਰਦਾਸਪੁਰ ਤੋਂ ਭਾਜਪਾ ਉਮੀਦਵਾਰ ਦਿਨੇਸ਼ ਬੱਬੂ ਦਾ ਕੀਤਾ ਕਿਸਾਨ ਜਥੇਬੰਦੀਆਂ ਨੇ ਵਿਰੋਧ



ਸ੍ਰੀ ਹਰਗੋਬਿੰਦਪੁਰ ਸਾਹਿਬ, 27 ਅਪ੍ਰੈਲ (ਕੁਲਜੀਤ ਸਿੰਘ ਖੋਖਰ)- ਅੱਜ ਸੰਯੁਕਤ ਕਿਸਾਨ ਮੋਰਚਾ ਭਾਰਤ ਅਤੇ ਕਿਸਾਨ ਮਜ਼ਦੂਰ ਮੋਰਚੇ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਬੀ ਜੇ ਪੀ ਦੇ ਗੁਰਦਾਸਪੁਰ ਤੋਂ ਉਮੀਦਵਾਰ ਦਿਨੇਸ਼ ਬੱਬੂ ਦਾ ਕਾਹਨੂੰਵਾਨ ਵਿਖੇ ਆਉਣ ਤੇ ਵਿਰੋਧ ਕੀਤਾ ਗਿਆ। ਬੀ ਜੇ ਪੀ ਉਮੀਦਵਾਰ ਦਿਨੇਸ਼ ਬੱਬੂ ਵਲੋਂ ਅੱਜ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡਾਂ ਵਿਖੇ ਚੋਣ ਪ੍ਰਚਾਰ ਲਈ ਮੀਟਿੰਗਾਂ ਰੱਖੀਆਂ ਗਈਆਂ ਸਨ ਜਿਸ ਦਾ ਪਤਾ ਲੱਗਣ ਤੇ ਕਿਸਾਨਾਂ ਵੱਲੋਂ ਪਿੰਡ ਕੋਟ ਜੋਗਰਾਜ ਵਿਖੇ ਮੀਟਿੰਗ ਤੇ ਦਿਨੇਸ਼ ਬੱਬੂ ਦੇ ਪਹੁੰਚਣਾ ਕਿਸਾਨਾਂ ਵੱਲੋਂ ਵੱਡੀ ਗਿਣਤੀ ਵਿੱਚ ਇਕੱਠੇ ਹੋਕੇ ਕਾਲੀਆਂ ਝੰਡੀਆਂ ਨਾਲ ਵਿਰੋਧ ਕੀਤਾ ਗਿਆ। ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਪ੍ਰਧਾਨ ਰਾਜੂ ਔਲਖ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਆਗੂ ਪ੍ਰਿੰਸੀਪਲ ਹਰਵਿੰਦਰ ਸਿੰਘ ਅਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਬਚਨ ਸਿੰਘ ਭੰਬੋਈ ਵਲੋਂ ਕਿਸਾਨਾਂ ਤੇ ਹੋਏ ਤਸ਼ੱਦਦ ਬਾਰੇ ਸਵਾਲ ਪੁੱਛੇ ਜਾਣ ਤੇ ਦਿਨੇਸ਼ ਬੱਬੂ ਵਲੋਂ ਤਸੱਲੀਬਖ਼ਸ਼ ਜਵਾਬ ਨਾ ਮਿਲਣ ਤੇ ਕਿਸਾਨ ਆਗੂਆਂ ਨੇ ਕਿਹਾ ਕਿ ਉਹ ਬੀ ਜੇ ਪੀ ਦਾ ਵਿਰੋਧ ਜਾਰੀ ਰਖਣ ਗੇ। ਇਸ ਤੋਂ ਬਾਅਦ ਕਾਹਨੂੰਵਾਨ ਵਿਖੇ ਵੀ ਕਿਸਾਨਾਂ ਵੱਲੋਂ ਵਿਰੋਧ ਕੀਤਾ ਗਿਆ ਜਿਥੇ ਬੀ ਜੇ ਪੀ ਦੇ ਉਮੀਦਵਾਰ ਕਿਸ਼ਾਨਾਂ ਦੇ ਸਵਾਲਾਂ ਦਾ ਸਾਹਮਣਾ ਕਰਨ ਦੀ ਬਜਾਏ ਗਡੀ ਰੋਕੇ ਬਿਨਾਂ ਨਿਕਲ ਗਏ। ਇਸ ਮੌਕੇ ਮਾਜਾ ਕਿਸਾਨ ਸੰਘਰਸ਼ ਕਮੇਟੀ ਦੇ ਗੁਰਪ੍ਰੀਤ ਸਿੰਘ ਬੋਪਾਰਾਏ, ਰਾਜੂ ਤਕੜ, ਮਨੋਰ ਸਿੰਘ ਕਾਹਨੂੰਵਾਨ, ਕਸ਼ਮੀਰ ਸਿੰਘ ਤੁਗਲਵਾਲਾ, ਬੀ ਕੇ ਯੂ ਏਕਤਾ ਉਗਰਾਹਾਂ ਦੇ ਹਰਦੀਪ ਸਿੰਘ ਲੋਹਚੱਪ, ਗੁਰਪ੍ਰਤਾਪ ਸਿੰਘ ਸ਼ਾਲਾ, ਪਰਮਜੀਤ ਸਿੰਘ ਛੀਨਾ, ਨਾਨਕ ਸਿੰਘ, ਅਮਰਜੀਤ ਸਿੰਘ, ਚਰਨਜੀਤ ਸਿੰਘ ਚੰਨੀ, ਅਵਤਾਰ ਸਿੰਘ, ਬਲਵਿੰਦਰ ਸਿੰਘ ਅਤੇ ਪਰਮਿੰਦਰ ਸਿੰਘ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਜਿੰਦਾ ਨਾਥਪੁਰ, ਗੁਰਮੀਤ ਸਿੰਘ ਰਾਮਪੁਰ, ਸੋਨਾ ਤੱਤਲਾ, ਬਲਦੇਵ ਸਿੰਘ ਕਲੇਰ, ਜੋਬਨ ਰਾਮਪੁਰ, ਚਰਨਜੀਤ ਸਿੰਘ ਰਾਮਪੁਰ, ਤਾਜਬੀਰ ਸਿੰਘ ਰਾਮਪੁਰ ਅਤੇ ਜਗਤਾਰ ਸਿੰਘ ਸੰਗਤਪੁਰਾ , ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਸੂਬਾ ਆਗੂ ਪ੍ਰਿੰਸੀਪਲ ਹਰਵਿੰਦਰ ਸਿੰਘ ਮਸਾਣੀਆਂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

ਨਵੀਂ ਦਿੱਲੀ, 27 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਸਭਾ-ਸੁਸਾਇਟੀਆਂ ਦੇ ਨੁਮਾਇੰਦਿਆਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੌਰਾਨ ਗਤਕਾ ਪਾਰਟੀਆਂ ਨੇ ਸਿੱਖ ਜੰਗਜੂ ਕਲਾ ਦਾ ਪ੍ਰਗਟਾਵਾ ਕੀਤਾ ਅਤੇ ਬੈਂਡ ਪਾਰਟੀਆਂ ਨੇ ਮਨੋਹਰ ਧੁਨਾਂ ਨਾਲ ਨਗਰ ਕੀਰਤਨ ਦੀ ਸ਼ੋਭਾ ਵਧਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ ਨੇ ਸੰਗਤਾਂ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਦਾ ਜੀਵਨ ਅਤੇ ਉਨ੍ਹਾਂ ਦੀ ਸ਼ਹਾਦਤ ਧਰਮ ਦੀ ਰਖਵਾਲੀ ਲਈ ਉਦਾਹਰਣ ਹੈ। ਉਨ੍ਹਾਂ ਸੰਗਤ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ। ਸ੍ਰੀ ਅਕਾਲ ਤਖ਼ਤ ਤੋਂ ਆਰੰਭ ਹੋਇਆ ਨਗਰ ਕੀਰਤਨ ਸ੍ਰੀ ਗੁਰੂ ਰਾਮਦਾਸ ਜੀ ਨਿਵਾਸ, ਚੌਂਕ ਪਰਾਗਦਾਸ, ਚੌਂਕ ਬਾਬਾ ਸਾਹਿਬ, ਚੌਂਕ ਕਰੋੜੀ, ਰਾਮਸਰ ਰੋਡ, ਬਾਬਾ ਦੀਪ ਸਿੰਘ ਕਲੋਨੀ, ਚੌਂਕ ਮੋਨੀ, ਹਵੇਲੀ ਅੱਬਲਵਾਈਆਂ, ਚੌਂਕ ਜੈ ਸਿੰਘ, ਬਜ਼ਾਰ ਲੁਹਾਰਾਂ, ਚੌਂਕ ਲਛਮਣਸਰ, ਢਾਬ ਬਸਤੀ ਰਾਮ, ਚੌਂਕ ਛੱਤੀ ਖੂਹੀ, ਬਜ਼ਾਰ ਬਾਂਸਾਂ, ਬਜ਼ਾਰ ਪਾਪੜਾਂ, ਬਜ਼ਾਰ ਕਾਠੀਆਂ ਤੇ ਗੁਰੂ ਬਜ਼ਾਰ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸੰਪੰਨ ਹੋਇਆ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ 29 ਅਪ੍ਰੈਲ ਨੂੰ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਸ ਸਬੰਧ ਵਿਚ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਅੱਜ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਹਨ, ਜਿਸ ਦੇ ਭੋਗ 29 ਅਪ੍ਰੈਲ 2024 ਨੂੰ ਸਵੇਰੇ 7 ਵਜੇ ਪਾਏ ਜਾਣਗੇ। ਭੋਗ ਉਪਰੰਤ ਹੁਕਮਨਾਮੇ ਦੀ ਕਥਾ ਹੋਵੇਗੀ ਅਤੇ ਦੁਪਹਿਰ 2 ਵਜੇ ਤੋਂ ਲੈ ਰਾਤ 11 ਵਜੇ ਤੀਕ ਗੁਰਮਤਿ ਸਮਾਗਮ ਹੋਵੇਗਾ, ਜਿਸ ਵਿਚ ਪੰਥ ਪ੍ਰਸਿੱਧ ਰਾਗੀ ਜਥੇ ਅਤੇ ਵਿਦਵਾਨ ਹਾਜ਼ਰੀ ਭਰਨਗੇ। ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸੁੰਦਰ ਜਲੌ ਵੀ ਸਜਾਏ ਜਾਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ, ਸ. ਗੁਰਨਾਮ ਸਿੰਘ ਜੱਸਲ, ਸ. ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਪ੍ਰੋ. ਸੁਖਦੇਵ ਸਿੰਘ, ਸ. ਸ਼ਾਹਬਾਜ਼ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਮਨਜੀਤ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ, ਸ. ਸਤਿੰਦਰ ਸਿੰਘ, ਵਧੀਕ ਮੈਨੇਜਰ ਸ. ਜਸਪਾਲ ਸਿੰਘ ਢੱਡੇ, ਸ. ਨਿਸ਼ਾਨ ਸਿੰਘ ਜੱਫਰਵਾਲ, ਸ. ਗੁਰਤਿੰਦਰਪਾਲ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।



# ਇੱਕ ਨਜ਼ਰ

## ਐਡਵੋਕੇਟ ਧਾਮੀ ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਮੈਂਬਰਾਂ ਵੱਲੋਂ ਭਾਜਪਾ 'ਚ ਸ਼ਾਮਲ ਹੋਣ 'ਤੇ ਕੀਤਾ ਸਖ਼ਤ ਇਤਰਾਜ਼

### ਭਾਜਪਾ 'ਚ ਜਾਣ ਦਾ ਇੰਨਾ ਹੀ ਸ਼ੌਕ ਤਾਂ ਪਹਿਲਾਂ ਤੁਰੰਤ ਗੁਰਦੁਆਰਾ ਕਮੇਟੀ ਮੈਂਬਰਸ਼ਿਪ ਤੋਂ ਦੇਣ ਅਸਤੀਫ਼ਾ



ਨਵੀਂ ਦਿੱਲੀ, 27 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਕੁਝ ਮੈਂਬਰਾਂ ਵੱਲੋਂ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਸਿੱਖ ਸੰਸਥਾ ਦੇ ਮੈਂਬਰਾਂ ਨੂੰ ਭਾਜਪਾ ਵਿੱਚ ਜਾ ਕੇ ਸਿਆਸਤ ਕਰਨ ਦਾ ਇੰਨਾ ਹੀ ਸ਼ੌਕ ਹੈ ਤਾਂ ਉਹ ਪਹਿਲਾਂ ਤੁਰੰਤ ਆਪਣੀ ਦਿੱਲੀ ਗੁਰਦੁਆਰਾ ਕਮੇਟੀ ਦੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇਣ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਜਪਾ ਦੀ ਦੂਜੇ ਧਰਮਾਂ ਦੇ ਧਾਰਮਿਕ ਮਾਮਲਿਆਂ ਵਿੱਚ ਸਿੱਧਾ ਦਖ਼ਲ ਦੇਣ ਦੀ ਇਹ ਨੀਤੀ ਬਹੁਤ ਹੀ ਮੰਦਭਾਗੀ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਦੇ ਮੈਂਬਰਾਂ ਨੂੰ ਸੰਗਤ ਵੱਲੋਂ ਇਸ ਭਰੋਸੇ ਨਾਲ ਚੁਣਿਆ ਜਾਂਦਾ ਹੈ ਕਿ ਉਹ ਧਾਰਮਿਕ ਭਾਵਨਾਵਾਂ ਅਤੇ ਰਵਾਇਤਾਂ ਅਨੁਸਾਰ ਕਾਰਜ ਕਰਨਗੇ, ਪਰੰਤੂ ਜਦੋਂ ਗੁਰਦੁਆਰਾ ਪ੍ਰਬੰਧਾਂ ਲਈ ਚੁਣੇ ਮੈਂਬਰਾਂ ਵੱਲੋਂ ਸਿੱਖ ਵਿਰੋਧੀ ਸੋਚ ਰੱਖਣ ਵਾਲੀ ਪਾਰਟੀ ਵਿੱਚ ਜਾਣ ਦੀ ਹਰਕਤ ਕੀਤੀ ਜਾਂਦੀ ਹੈ ਤਾਂ ਸੰਗਤ ਦੀਆਂ ਭਾਵਨਾਵਾਂ ਨੂੰ ਭਾਰੀ ਸੱਟ ਵੱਜਣੀ ਕੁਦਰਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਸੰਗਤ ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਇਨ੍ਹਾਂ ਮੈਂਬਰਾਂ ਨੂੰ ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਕਰਨ ਅਤੇ ਗੁਰੂ ਘਰਾਂ ਦਾ ਸੁਚੱਜਾ ਪ੍ਰਬੰਧ ਚਲਾਉਣ ਲਈ ਚੁਣਿਆ ਸੀ ਨਾ ਕਿ ਸਿੱਖ-ਵਿਰੋਧੀ ਪਾਰਟੀ ਵਿੱਚ ਸਿਆਸਤ ਕਰਨ ਲਈ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਜਪਾ ਸਿੱਖ ਮਾਮਲਿਆਂ ਵਿੱਚ ਸਿੱਧੇ ਦਖ਼ਲ ਦੇ ਰਾਹ ਉੱਤੇ ਤੁਰੀ ਹੋਈ ਹੈ ਜਿਸ ਨੂੰ ਸਿੱਖ ਕੌਮ ਕਦੇ ਵੀ ਪ੍ਰਵਾਨ ਨਹੀਂ ਕਰੇਗੀ। ਉਨ੍ਹਾਂ ਕਿਹਾ ਸਿੱਖ ਭਾਜਪਾ ਦੀ ਅਜਿਹੀਆਂ ਹਰਕਤਾਂ ਦਾ ਜਵਾਬ ਆਉਣ ਵਾਲੀਆਂ ਚੋਣਾਂ ਵਿੱਚ ਦੇਣਗੇ। ਐਡਵੋਕੇਟ ਧਾਮੀ ਨੇ ਕਿਹਾ ਕਿ ਪਹਿਲਾਂ ਹੀ ਦਿੱਲੀ ਗੁਰਦੁਆਰਾ ਕਮੇਟੀ ਦਾ ਸਮੁੱਚਾ ਪ੍ਰਬੰਧ ਭਾਜਪਾ ਦੇ ਪ੍ਰਭਾਵ ਹੇਠ ਕੰਮ ਕਰ ਰਿਹਾ ਹੈ ਅਤੇ ਹੁਣ ਸਿੱਖ ਸੰਸਥਾ ਦਿੱਲੀ ਕਮੇਟੀ ਕੁਝ ਮੈਂਬਰਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣ ਦੀ ਹਰਕਤ ਨਾਲ ਇਹ ਸਪਸ਼ਟ ਹੋ ਗਿਆ ਹੈ ਕਿ ਭਾਜਪਾ ਦੀ ਨੀਤੀ ਗੁਰੂ ਘਰਾਂ ਦੇ ਪ੍ਰਬੰਧਾਂ ਵਿੱਚ ਦਖ਼ਲ ਦੇਣ ਅਤੇ ਸਿੱਖ ਮਸਲਿਆਂ ਨੂੰ ਉਲਝਾਉਣ ਵਾਲੀ ਹੈ।

## ਗਿਆਨੀ ਬਲਵੀਰ ਸਿੰਘ ਜੀ ਪੱਡਾ ਅੱਜ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਦਰਬਾਰ ਸਾਹਿਬ ਵਿਖੇ ਕਥਾ ਕਰਨਗੇ



ਚੌਕ ਮਹਿਤਾ 27 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ) ਦਮਦਮੀ ਟਕਸਾਲ ਦੇ ਵਿਦਿਆਰਥੀ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ, ਅਤੇ ਮੀਰੀ ਪੀਰੀ ਦੇ ਮਾਲਕ ਛੇਵੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਪਵਿੱਤਰ ਪਾਵਨ ਚਰਨ ਛੋਹ ਧਰਤੀ ਗੁਰੂਦੁਆਰਾ ਗੁਰੂਆਨਾ ਸਾਹਿਬ ਵੈਰੋ ਨੰਗਲ ਦੇ ਹੈਡ ਗ੍ਰੰਥੀ ਗਿਆਨੀ ਬਲਵੀਰ ਸਿੰਘ ਪੱਡਾ ਅੱਜ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਅੱਜ ਸਵੇਰੇ 7:30 ਤੋਂ 8:45 ਵਜੇ ਦੇਸ ਵਿਦੇਸ ਦੀਆਂ ਸੰਗਤਾਂ ਨੂੰ ਪਵਿੱਤਰ ਪਾਵਨ ਕਥਾ ਸਰਵਨ ਕਰਉਣਗੇ।

## ਜੈਸਮੀਨ ਕੌਰ ਨੇ ਚਮਕਾਇਆ ਭੁੱਲਰ ਸਕੂਲ ਦਾ ਨਾਮ





ਮਹਿਤਪੁਰ, 27 ਅਪ੍ਰੈਲ (ਸੁਰਿੰਦਰ ਛਾਬੜਾ)- ਪਿਛਲੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਦਾ ਨਤੀਜਾ ਐਲਾਨਿਆ ਗਿਆ . ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੁੱਲਰ ਦਾ ਨਤੀਜਾ 100 ਫ਼ੀਸਦੀ ਰਿਹਾ. ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਦਿਨੇਸ਼ ਵਰਮਾ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੈਟ੍ਰਿਕ ਪ੍ਰੀਖਿਆ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਬਹੁਤ ਹੀ ਸ਼ਾਨਦਾਰ ਰਹੀਂ. ਜੈਸਮੀਨ ਕੌਰ ਪੁੱਤਰੀ ਸੁਰਜੀਤ ਸਿੰਘ ਨੇ 87 ਫ਼ੀਸਦੀ ਅੰਕ ਪ੍ਰਾਪਤ ਕਰਕੇ ਪਹਿਲਾਂ ਸਥਾਨ ਹਾਸਿਲ ਕੀਤਾ.ਦੂਜੇ ਸਥਾਨ ਤੇ ਨਵਜੋਤ ਕੌਰ ਪੁੱਤਰੀ ਭੁਪਿੰਦਰ ਸਿੰਘ ਨੇ 86 ਫ਼ੀਸਦੀ ਅੰਕ ਅਤੇ ਤੀਜੇ ਸਥਾਨ ਤੇ ਜਸਪ੍ਰੀਤ ਕੌਰ ਪੁੱਤਰੀ ਮਨਜੀਤ ਸਿੰਘ ਨੇ 85 ਫ਼ੀਸਦੀ ਅੰਕ ਪ੍ਰਾਪਤ ਕੀਤੇ. ਦਸਵੀਂ ਜਮਾਤ ਵਿੱਚ ਕੁੱਲ 46 ਵਿਦਿਆਰਥੀ ਪੀਖਿਆ ਵਿੱਚ ਬੈਠੇ ਸਨ ਜਿਨ੍ਹਾਂ ਵਿੱਚੋ 42 ਵਿਦਿਆਰਥੀਆਂ ਨੇ ਪਹਿਲਾਂ ਦਰਜੇ ਵਿੱਚ ਪੀਖਿਆ ਪਾਸ ਕੀਤੀ. ਇਸ ਸਫ਼ਲਤਾ ਦਾ ਸਿਹਰਾ ਬੱਚਿਆਂ ਦੀ ਪੜ੍ਹਾਈ ਵਿੱਚ ਲਗਨ ਅਤੇ ਮਿਹਨਤੀ ਸਟਾਫ਼ ਸਿਰ ਜਾਂਦਾ ਹੈ. ਇਸ ਮੌਕੇ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਵੱਲੋਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਭੇਂਟ ਕੀਤੀ ਗਈ.। ਫੋਟੋ ਕੈਪਸਨ। ਸ ਸ ਸ ਸਕੂਲ ਭੁੱਲਰ ਦੀਆਂ 10 ਕਲਾਸ ਦੀਆਂ ਬੱਚੀਆਂ ਫਸਟ, ਸੈਕਿੰਡ, ਤੇ ਥਰਡ ਪੁਜੀਸ਼ਨ ਤੇ, ਰਹੀਆਂ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


### ਪਿਛਲੀਆਂ ਸਰਕਾਰਾਂ ਦੀ ਨਾਕਸ਼ ਕਾਰਗੁਜ਼ਾਰੀ ਦਾ ਖਮਿਆਜ਼ਾ ਭੁਗਤ ਰਹੇ ਹਨ ਇਲਾਕਾ ਵਾਸੀ : ਹਰਜੋਤ ਸਿੰਘ ਬੈਂਸ

# ਹਰਜੋਤ ਬੈਂਸ ਨੇ ਐਲਗਰਾਂ ਪੁੱਲ ਦਾ ਦੌਰਾ ਕਰਕੇ ਜਲਦ ਮੁਰੰਮਤ ਦਾ ਦਿੱਤਾ ਭਰੋਸਾ

■ ਐਲਗਰਾਂ ਪੁੱਲ ਮੁਕੰਮਲ ਕਰਕੇ ਇਲਾਕਾ ਵਾਸੀਆਂ ਨੂੰ ਸੁਚਾਰੂ ਆਵਜਾਈ ਦੀ ਸਹੂਲਤ ਮਿਲੇਗੀ • ਕਿਹਾ ਕਿ ਜੇਕਰ ਪਿਛਲੀਆਂ ਸਰਕਾਰਾਂ ਅਤੇ ਇਥੋਂ ਪ੍ਰਤੀਨਿਧਤਾ ਕਰਨ ਵਾਲੇ ਵੱਡੇ ਵੱਡੇ ਸਿਆਸਤਦਾਨਾਂ ਨੇ...




ਨੰਗਲ 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ) ਅੱਜ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਗਰਾਂ (ਨੰਗਲ) ਪੁੱਲ ਦਾ ਦੋਰਾ ਕਰਕੇ ਪੁੱਲ ਦੀ ਮੁਰੰਮਤ ਜਲਦੀ ਕਰਵਾਉਣ ਦਾ ਭਰੋਸਾ ਦਿੱਤਾ, ਉਨਾਂ ਕਿਹਾ ਕਿ ਇਸ ਦੇ ਨਾਲ ਇਲਾਕਾ ਵਾਸੀਆਂ ਨੂੰ ਸੁਚਾਰੂ ਆਵਜਾਈ ਦੀ ਸਹੂਲਤ ਮਿਲੇਗੀ, ਆਪਣੇ ਅਚਨਚੇਤ ਦੌਰੇ ਦੌਰਾਨ ਐਲਗਰਾਂ ਪੰਹੁਚੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਸ ਇਲਾਕੇ ਦੀ ਦਹਾਕਿਆਂ ਤੋਂ ਕਿਸੇ ਸਿਆਸੀ ਪਾਰਟੀ ਨੇ ਸਾਰ ਨਹੀਂ ਲਈ ਜਦੋਂਕਿ ਰਿਵਾਇਤੀ ਪਾਰਟੀਆਂ ਨੂੰ ਵਿਧਾਨ ਸਭਾ ਤੇ ਲੋਕ ਸਭਾ ਚੋਣਾਂ ਵਿੱਚ ਫਤਵਾ ਦੇ ਕੇ ਆਪਣੀਆਂ ਮੁਸ਼ਿਕਲਾਂ ਹੱਲ ਕਰਨ ਦੀ ਮੰਗ ਰੱਖੀ ਸੀ, ਜਿਸ ਨੂੰ ਚੋਣਾਂ ਜਿੱਤ ਕੇ ਇਹ ਆਗੂ ਅਣਗੌਲਿਆਂ ਕਰਦੇ ਰਹੇ ਹਨ, ਉਨਾਂ ਕਿਹਾ ਕਿ ਇਸ ਇਲਾਕੇ ਦੀ ਪ੍ਰਤੀਨਿਧਤਾ ਕੇਂਦਰ ਅਤੇ ਪੰਜਾਬ ਦੀਆਂ ਸਰਕਾਰਾਂ ਵਿੱਚ ਵੱਡੇ ਵੱਡੇ ਦਿਗਜਾਂ ਨੇ ਕੀਤੀ ਹੈ ਪ੍ਰੰਤੂ ਇਲਾਕੇ ਦੇ ਲੋਕਾਂ ਦੇ ਹੱਥ ਮਾਯੂਸੀ ਹੀ ਲੱਗੀ ਹੈ ਉਨਾਂ ਨੇ ਕਿਹਾ ਕਿ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ, ਉਨਾਂ ਨੇ ਕਿਹਾ ਕਿ ਲੋਕਾਂ ਨੂੰ ਮਜ਼ਬੂਤ ਸੜਕਾਂ ਦਾ ਨੈੱਟਵਰਕ, ਪੁੱਲਾਂ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ, ਉਨਾਂ ਦੱਸਿਆ ਕਿ ਕਿਲਾ ਅਨੰਦਗੜ੍ਹ ਸਾਹਿਬ ਵਾਲੇ ਸੰਤ ਬਾਬਾ ਸਤਨਾਮ ਸਿੰਘ ਜੀ ਦੇ ਸਹਿਯੋਗ ਨਾਲ ਐਲਗਰਾਂ ਪੁੱਲ ਦੇ ਨਾਲ ਇੱਕ ਆਰਜੀ ਰਸਤਾ ਬਣਾਇਆ ਜਾ ਰਿਹਾ ਹੈ ਤਾਂ ਜੋ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਕਿਸੇ ਵੀ ਤਰਾਂ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਜੇਕਰ ਪਿਛਲੀਆਂ ਸਰਕਾਰਾਂ ਅਤੇ ਇਥੋਂ ਪ੍ਰਤੀਨਿਧਤਾ ਕਰਨ ਵਾਲੇ ਵੱਡੇ ਵੱਡੇ ਸਿਆਸਤਦਾਨਾਂ ਨੇ ਇਸ ਇਲਾਕੇ ਬਾਰੇ ਕੁੱਝ ਸੋਚਿਆ ਹੁੰਦਾ ਤਾਂ ਅੱਜ ਮਹਾਂਪੁਰਸ਼ਾਂ ਵਲੋਂ ਇਸ ਇਲਾਕੇ ਦੀ ਸੰਗਤ ਲਈ ਉਪਰਾਲੇ ਕਰਨ ਦੀ ਜਰੂਰਤ ਨਾ ਪੈਂਦੀ, ਅੱਜ ਸੰਤ ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ ਸਾਹਿਬ ਵਾਲੇ ਸੜਕਾਂ ਦੀ ਸੇਵਾ ਕਰ ਰਹੇ ਹਨ ਜਿਹੜੇ ਕੰਮ ਪਿਛਲੀਆਂ ਸਰਕਾਰਾਂ ਨੂੰ ਕਰਨੇ ਚਾਹੀਦੇ ਸਨ ਉਹ ਕੰਮ ਅੱਜ ਸੰਗਤ ਦੇ ਸਹਿਯੋਗ ਨਾਲ ਹੋ ਰਿਹਾ ਹੈ ਪ੍ਰੰਤੂ ਹੁਣ ਭਵਿੱਖ ਵਿੱਚ ਮਾਨ ਸਰਕਾਰ ਇਹ ਸਾਰੇ ਬੁਨਿਆਦੀ ਕੰਮਾਂ ਦੀ ਵਾਗਡੋਰ ਆਪਣੇ ਹੱਥਾਂ ਵਿੱਚ ਲੈ ਰਹੀ ਹੈ ਅਜਿਹੇ ਪ੍ਰੋਜੈਕਟ ਸਰਕਾਰ ਵੱਲੋਂ ਪੂਰੇ ਹੋਣਗੇ, ਐਲਗਰਾਂ ਪ੍ਰੋਜੈਕਟ ਬਾਰੇ ਸ੍ਰ:ਬੈਂਸ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੀ ਸਾਰੀ ਪ੍ਰਕਿਰਿਆ ਮੁਕੰਮਲ ਹੋ ਚੁੱਕੀ ਹੈ, ਚੋਣਾਂ ਦਾ ਅਮਲ ਮੁਕੰਮਲ ਹੋਣ ਉਪਰੰਤ ਐਲਗਰਾਂ ਪੁੱਲ ਦੀ ਮੁਰੰਮਤ ਦਾ ਕੰਮ ਕਰਕੇ ਇਸ ਨੂੰ ਇਲਾਕਾ ਵਾਸੀਆਂ ਲਈ ਖੋਲ ਦਿੱਤਾ ਜਾਵੇਗਾ, ਇਸ ਮੌਕੇ ਸੰਤ ਬਾਬਾ ਸਤਨਾਮ ਸਿੰਘ ਜੀ ਕਿਲਾ ਅਨੰਦਗੜ੍ਹ ਸਾਹਿਬ ਵਾਲੇ ਵਿਸ਼ੇਸ਼ ਤੌਰ ਤੇ ਮੌਜੂਦ ਸਨ।

# ਖਾਲਸਾ ਕਾਲਜ ਦੇ ਖੇਤੀਬਾੜੀ ਵਿਭਾਗ ਵੱਲੋਂ ਲਗਾਈ ਗਈ ਫੁੱਲਾਂ ਦੀ ਪ੍ਰਦਰਸ਼ਨੀ

■ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸਲਾਂਘਾ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਨੂੰ ਅਜਿਹੀਆਂ ਪ੍ਰਦਰਸ਼ਨੀਆਂ ਵਿੱਚ ਵੱਧ ਚੜ ਕੇ ਭਾਗ ਲੈਣਾ ਚਾਹੀਦਾ ਹੈ ਤਾਂ ਜੋ ਉਹ ਆਪਣੀ ਸਿੱਖੀ ਹੋਈ ਕਲਾ ਨੂੰ ਲੋਕਾਂ ਦੇ ਸਾਹਮਣੇ ਵਧੀਆ...



ਸ੍ਰੀ ਅਨੰਦਪੁਰ ਸਾਹਿਬ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਖੇਤੀਬਾੜੀ ਵਿਭਾਗ ਦੀ ਅਗ੍ਰੈਰੀਅਨ ਸੋਸਾਇਟੀ ਅਤੇ ਆਈ.ਆਈ.ਸੀ ਵੱਲੋਂ ਇੱਕ ਰੋਜਾ 'ਫੁੱਲਾਂ ਦੀ ਪ੍ਰਦਰਸ਼ਨੀ' ਦਾ ਆਯੋਜਨ ਕੀਤਾ ਗਿਆ। ਇਸ ਪ੍ਰਦਰਸ਼ਨੀ ਦਾ ਉਦਘਾਟਨ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸਲਾਂਘਾ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਨੂੰ ਅਜਿਹੀਆਂ ਪ੍ਰਦਰਸ਼ਨੀਆਂ ਵਿੱਚ ਵੱਧ ਚੜ ਕੇ ਭਾਗ ਲੈਣਾ ਚਾਹੀਦਾ ਹੈ ਤਾਂ ਜੋ ਉਹ ਆਪਣੀ ਸਿੱਖੀ ਹੋਈ ਕਲਾ ਨੂੰ ਲੋਕਾਂ ਦੇ ਸਾਹਮਣੇ ਵਧੀਆ ਢੰਗ ਨਾਲ ਅਤੇ ਕੁਸ਼ਲਤਾ-ਪੂਰਵਕ ਪ੍ਰਦਰਸ਼ਿਤ ਕਰ ਸਕਣ। ਜਿਸ ਦੇ ਨਾਲ ਵਿਦਿਆਰਥੀਆਂ ਦੇ ਮਨੋਬਲ ਵਿੱਚ ਵਾਧਾ ਹੁੰਦਾ ਹੈ, ਅਤੇ ਉਹ ਭਵਿੱਖ ਵਿੱਚ ਫੁੱਲਾਂ ਦੀ ਖੇਤੀ ਕਰਕੇ ਆਪਣਾ ਸਵੈ ਰੁਜ਼ਗਾਰ ਚਲਾ ਸਕਦੇ ਹਨ। ਇਸ ਮੌਕੇ 'ਤੇ ਸੁਚੱਜੇ ਢੰਗ ਨਾਲ ਪ੍ਰਦਰਸ਼ਿਤ ਕੀਤੇ ਗਏ ਪੌਦਿਆਂ ਦੀ ਚੋਣ ਕੀਤੀ ਗਈ ਅਤੇ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਪ੍ਰਦਰਸ਼ਨ ਵਿੱਚ ਬੀ.ਐਸ.ਸੀ ਆਨਰਜ਼ ਐਗਰੀਕਲਚਰ ਭਾਗ ਚੌਥੇ ਦੀ ਵਿਦਿਆਰਥਣ ਜਸਵੀਰ ਕੌਰ, ਦਲਜੀਤ ਕੌਰ ਅਤੇ ਬੀ.ਐਸ.ਸੀ ਆਨਰਜ਼ ਐਗਰੀਕਲਚਰ ਭਾਗ ਤੀਜੇ ਦੀ ਵਿਦਿਆਰਥਣ ਪੱਲਵੀ ਜੇਤੂ ਰਹੀ। ਇਸ ਮੌਕੇ ਵਿਭਾਗ ਦੇ ਮੁਖੀ ਪ੍ਰੋ. ਭਾਵਨਾ ਠਾਕਰ ਵੱਲੋਂ ਵਿਦਿਆਰਥੀਆਂ ਨੂੰ ਅਜਿਹੀਆਂ ਪ੍ਰਦਰਸ਼ਨੀਆਂ ਵਿੱਚ ਵੱਧ ਚੜ ਕੇ ਸਮੂਲੀਅਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਪ੍ਰਦਰਸ਼ਨੀ ਦਾ ਕਾਰਜ ਪ੍ਰੋ. ਗੁਰਪਿੰਦਰ ਕੌਰ ਦੀ ਯੋਗ ਅਗਵਾਈ ਹੇਠ ਨੇਪਰੇ ਚੜਿਆ ਅਤੇ ਵਿਭਾਗ ਦੇ ਸਮੂਹ ਸਟਾਫ ਨੇ ਇਸ ਪ੍ਰਦਰਸ਼ਨੀ ਦੀ ਸਫਲਤਾ ਲਈ ਆਪਣੀਆਂ ਅਹਿਮ ਸੇਵਾਵਾਂ ਤਹਿ-ਦਿਲੀ ਨਾਲ ਨਿਭਾਈਆਂ।

### ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਵਿਸ਼ਵ ਮਲੇਰੀਆ ਦਿਵਸ ਮੌਕੇ

# ਮਲੇਰੀਆ ਦੇ ਲੱਛਣਾਂ ਅਤੇ ਬਚਾਅ ਬਾਰੇ ਦਿੱਤੀ ਜਾਣਕਾਰੀ



ਚੋਹਲਾ ਸਾਹਿਬ, 27 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਸਿਵਲ ਸਰਜਨ ਤਰਨ ਤਾਰਨ ਡਾਕਟਰ ਕਮਲਪਾਲ ਅਤੇ ਜਿਲ੍ਹਾ ਮਲੇਰੀਆ ਅਫਸਰ ਡਾਕਟਰ ਸਿਮਰਨ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਦੀ ਯੋਗ ਅਗਵਾਈ ਹੇਠ ਸਰਕਾਰੀ ਸਕੂਲ ਚੋਹਲਾ ਸਾਹਿਬ ਵਿਖੇ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ ਹੈ।ਇਸ ਸਮੇਂ ਸੁਖਦੀਪ ਸਿੰਘ ਔਲਖ ਹੈਲਥ ਵਰਕਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਨੂੰ ਆਪਣੇ ਕੂਲਰਾਂ ਦੀ ਹਫਤੇ ਵਿੱਚ ਇੱਕ ਵਾਰ ਸਫਾਈ ਕਰਨੀ ਚਾਹੀਦੀ ਹੈ ਅਤੇ ਘਰ ਦੀਆਂ ਛੱਤਾਂ ਉੱਪਰ ਪਏ ਟੁੱਟੇ ਟਾਇਰਾਂ ਅਤੇ ਗਮਲਿਆਂ ਵਿੱਚ ਪਾਣੀ ਇੱਕਠਾ ਨਹੀਂ ਹੋਣ ਦੇਣਾ ਚਾਹੀਦਾ।ਉਹਨਾਂ ਕਿਹਾ ਕਿ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਦੀ ਸਾਫ ਸਫਾਈ ਰੱਖਣੀ ਚਾਹੀਦੀ ਹੈ ਅਤੇ ਘਰਾਂ ਦੇ ਬਾਹਰ ਗੰਦਾ ਪਾਣੀ ਇੱਕਠਾ ਨਹੀਂ ਹੋਣ ਦੇਣਾ ਚਾਹੀਦਾ।ਉਹਨਾਂ ਦੱਸਿਆ ਕਿ ਸਾਨੂੰ ਖੜੇ ਪਾਣੀ ਵਿੱਚ ਮਿੱਟੀ ਦਾ ਤੇਲ ਪਾ ਦੇਣਾ ਚਾਹੀਦਾ ਹੈ ਜਿਸ ਨਾਲ ਮੱਛਰ ਪੈਦਾ ਕਰਨ ਵਾਲੇ ਆਂਡੇ ਅਤੇ ਮੱਛਰ ਦੋਵੇਂ ਮਰ ਜਾਂਦੇ ਹਨ ਜਿਸ ਕਾਰਨ ਭਿਆਨਕ ਬਿਮਾਰੀਆਂ ਫੈਲਣ ਦਾ ਖਦਸ਼ਾ ਖਤਮ ਹੋ ਜਾਂਦਾ ਹੈ।ਇਸ ਸਮੇਂ ਰਜਿੰਦਰ ਸਿੰਘ ਹੈਲਥ ਵਰਕਰ ਅਤੇ ਕਵਲਜੀਤ ਸਿੰਘ ਹੈਲਥ ਵਰਕਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਨੂੰ ਰਾਤ ਸਮੇਂ ਮੱਛਰਾਂ ਤੋਂ ਬਚਾਅ ਕਰਦੇ ਹੋਏ ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲਾਂ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਪੂਰਾ ਸਰੀਰ ਢੱਕਣ ਵਾਲ ਕੱਪੜੇ ਪਾਕੇ ਸੌਣਾ ਚਾਹੀਦਾ ਹੈ ਤਾਂ ਜੋ ਸਾਨੂੰ ਬਿਮਾਰੀਆਂ ਫੈਲਾਉਣ ਵਾਲੇ ਮੱਛਰ ਕੱਟ ਨਾ ਸਕਣ।ਇਸ ਸਮੇਂ ਹੈਲਥ ਇੰਸਪੈਕਟਰ ਬਿਹਾਰੀ ਲਾਲ ਨੇ ਵਿੱਚ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੇਕਰ ਸਾਨੂੰ ਤੇਜ਼ ਸਿਰ ਦਰਦ ਜਾਂ ਤੇਜ਼ ਬੁਖਾਰ ਹੋਵੇ ਤਾਂ ਤੁਰੰਤ ਨਜਦੀਕੀ ਸਿਹਤ ਕੇਂਦਰ ਤੋਂ ਆਪਣੀ ਜਾਂਚ ਕਰਵਾਕੇ ਇਲਾਜ ਕਰਵਾਉਣਾ ਚਾਹੀਦਾ ਹੈ।ਸਾਰਾ ਇਲਾਜ ਸਿਹਤ ਕੇਂਦਰਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ।ਇਸ ਸਮੇਂ ਪਰਮਿੰਦਰ ਸਿੰਘ ਢਿਲੋਂ ਹੈਲਥ ਵਰਕਰ,ਨਿਸ਼ਾਨ ਸਿੰਘ ਹੈਲਥ ਵਰਕਰ,ਗੁਰਪਵਿੱਤਰ ਸਿੰਘ ਹੈਲਥ ਵਰਕਰ ,ਸਕੂਲ ਦਾ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਹਾਜਰ ਸਨ।